Start Your
OWN HOTEL
The Land is Your
Project Ours
Contact Us
9814400833

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 19 ਦਸੰਬਰ 2024
Email:- lokbani08@gmail.com

TOURIST VISA USA CANADA
SCHENGEN/ UK
AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗੇ
easyvisa
8283 000800

R. N. I. Punpun/29016/2008 * ਸਾਲ 16 , * ਅੰਕ : 130, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111

TOURIST VISA USA CANADA
SCHENGEN/ UK
AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗ ਚੁੱਕੇ ਹਨ
easyvisa | 8283 000800

## ਨਾਈਜੀਰੀਆ ਚ ਮੇਲੇ ਦੌਰਾਨ ਮਚੀ ਭਗਦੜ ਕਈਦਾ ਹੋਈ ਮੌਤ




**ਅਬੂਜਾ, ਲੋਕ ਬਾਣੀ** -ਦੱਖਣ-ਪੱਛਮੀ ਨਾਇਜੀਰੀਆ ਵਿੱਚ ਅੱਜ ਇਕ ਸਕੂਲ ਵੱਲੋਂ ਛੁੱਟੀਆਂ 'ਤੇ ਕਰਵਾਏ ਗਏ ਮੇਲੇ ਦੌਰਾਨ ਮਚੀ ਭਗਦੜ ਵਿੱਚ ਕਈ ਬੱਚਿਆਂ ਦੀ ਮੌਤ ਹੋ ਗਈ। ਸਥਾਨਕ ਗਵਰਨਰ ਨੇ ਇਹ ਜਾਣਕਾਰੀ ਦਿੱਤੀ। ਓਇਓ ਸੂਬੇ ਦੇ ਗਵਰਨਰ ਸੇਈ ਮਕਿੰਡੇ ਨੇ ਦੱਸਿਆ ਕਿ ਭਗਦੜ ਸੂਬੇ ਦੇ ਇਸਲਾਮਿਕ ਹਾਈ ਸਕੂਲ ਬਸੋਰੂਨ ਵਿੱਚ ਹੋਈ। ਉਨ੍ਹਾਂ ਦੱਸਿਆ ਕਿ ਘਟਨਾ ਦੇ ਮੱਦੇਨਜ਼ਰ ਸੁਰੱਖਿਆ ਬਲਾਂ ਨੂੰ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਕਿਹਾ, "ਅਸੀਂ ਉਨ੍ਹਾਂ ਮਾਪਿਆਂ ਨਾਲ ਹਮਦਰਦੀ ਤੇ ਦੁੱਖ ਜ਼ਾਹਿਰ ਕਰਦੇ ਹਾਂ ਜਿਨ੍ਹਾਂ ਦੀਆਂ ਖੁਸ਼ੀਆਂ ਅਚਾਨਕ ਗਮੀ ਵਿੱਚ ਬਦਲ ਗਈਆਂ।" ਨਾਇਜੀਰੀਆ ਐਮਰਜੈਂਸੀ ਸੇਵਾਵਾਂ ਨੇ ਕਿਹਾ ਕਿ ਉਸ ਵੱਲੋਂ ਪੀੜਤਾਂ ਨੂੰ ਸਹਿਯੋਗ ਦੇਣ ਲਈ ਇਕ ਟੀਮ ਮੌਕੇ 'ਤੇ ਤਾਇਨਾਤ ਕਰ ਦਿੱਤੀ ਗਈ ਹੈ।

## ਦਿੱਲੀ ਦੰਗੇ ਮਾਮਲੇ ਵਿੱਚ ਉਮਰ ਖਾਲਿਦ ਨੂੰ ਮਿਲੀ ਜ਼ਮਾਨਤ



**ਦਿੱਲੀ, ਲੋਕ ਬਾਣੀ**-ਦਿੱਲੀ ਦੀ ਇੱਕ ਅਦਾਲਤ ਨੇ ਜੇਐੱਨਯੂ ਦੇ ਸਾਬਕਾ ਵਿਦਿਆਰਥੀ ਉਮਰ ਖਾਲਿਦ ਨੂੰ ਪਰਿਵਾਰਕ ਸਮਾਗਮ 'ਚ ਸ਼ਾਮਲ ਹੋਣ ਲਈ ਸੋਸ਼ਲ ਮੀਡੀਆ ਤੋਂ ਦੂਰ ਰਹਿਣ ਸਣੇ ਕਈ ਸ਼ਰਤਾਂ ਤਹਿਤ ਸੱਤ ਦਿਨ ਦੀ ਅੰਤਰਿਮ ਜ਼ਮਾਨਤ ਦਿੱਤੀ।

ਅਦਾਲਤ ਨੇ ਖਾਲਿਦ ਨੂੰ ਆਪਣੇ ਦੋਸਤਾਂ, ਰਿਸ਼ਤੇਦਾਰਾਂ ਜਾਂ ਪਰਿਵਾਰਕ ਮੈਂਬਰਾਂ ਤੋਂ ਬਿਨਾਂ ਕਿਸੇ ਵੀ ਹੋਰ ਵਿਅਕਤੀ ਨਾਲ ਨਾ ਮਿਲਣ ਤੇ ਜ਼ਮਾਨਤ ਅਰਜ਼ੀ 'ਚ ਦੱਸੀਆਂ ਥਾਵਾਂ ਤੋਂ ਇਲਾਵਾ ਕਿਤੇ ਹੋਰ ਨਾ ਜਾਣ ਦੀ ਹਦਾਇਤ ਕੀਤੀ ਹੈ। ਖਾਲਿਦ ਨੇ ਆਪਣੇ ਰਿਸ਼ਤੇਦਾਰ ਦੇ 1 ਜਨਵਰੀ 2025 ਨੂੰ ਹੋਣ ਵਾਲੇ ਵਿਆਹ 'ਚ ਸ਼ਾਮਲ ਹੋਣ ਲਈ ਰਾਹਤ ਮੰਗੀ ਸੀ।

## ਬਿਹਾਰ ਚ ਅਗਾਮੀ ਵਿਧਾਨ ਸਭਾ ਚੋਣਾਂ ਚ ਨਿਤੀਸ਼ ਕੁਮਾਰ ਕਰਣਗੇ ਪ੍ਰਧਾਨਗੀ



**ਪਟਨਾ, ਲੋਕ ਬਾਣੀ**-ਭਾਜਪਾ ਦੀ ਬਿਹਾਰ ਇਕਾਈ ਦੇ ਪ੍ਰਧਾਨ ਦਲੀਪ ਜੈਸਵਾਲ ਨੇ ਅੱਜ ਕਿਹਾ ਕਿ ਕੌਮੀ ਜਮਹੂਰੀ ਗੱਠਜੋੜ (ਐੱਨਡੀਏ) ਸੂਬੇ ਵਿੱਚ 20 25 ਦੀਆਂ ਵਿਧਾਨ ਸਭਾ ਚੋਣਾਂ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਅਗਵਾਈ ਵਿੱਚ ਲੜੇਗਾ। ਉਨ੍ਹਾਂ ਜੇਡੀ (ਯੂ) ਮੁਖੀ ਨਿਤੀਸ਼ ਕੁਮਾਰ ਬਾਰੇ ਇਕ ਸਵਾਲ ਦੇ ਜਵਾਬ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਹਾਲ ਦੀ ਟਿੱਪਣੀ ਤੋਂ ਪੈਦਾ ਹੋਈਆਂ ਸੰਭਾਵਨਾਵਾਂ ਨੂੰ ਵੀ ਖਾਰਜ ਕਰ ਦਿੱਤਾ। ਇਕ ਨਿੱਜੀ ਨਿਊਜ਼ ਚੈਨਲ ਨਾਲ ਇਕ ਇੰਟਰਵਿਊ ਦੌਰਾਨ ਭਾਜਪਾ ਦੇ ਸਾਬਕਾ ਪ੍ਰਧਾਨ ਸ਼ਾਹ ਨੇ ਸਿੱਧ ਜਵਾਬ ਦੇਣ ਤੋਂ ਉਸ ਸਮੇਂ ਪ੍ਰਹੇਜ਼ ਕੀਤਾ ਸੀ

## ਮੁੰਬਈ ਵਿਚ ਵਾਪਰੇ ਕਿਸ਼ਤੀ ਹਾਦਸੇ ਵਿੱਚ 13 ਲੋਕਾਂ ਦੀ ਮੌਤ ਸਰਕਾਰ ਵਲੋਂ ਸਹਾਇਤਾ ਦਾ ਐਲਾਨ




**ਮੁੰਬਈ, ਲੋਕ ਬਾਣੀ-** ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਕਿਹਾ ਕਿ ਬੁੱਧਵਾਰ ਸ਼ਾਮ ਨੂੰ ਮੁੰਬਈ ਦੇ ਤੱਟ ਤੇ ਇਕ ਕਿਸ਼ਤੀ ਪਲਟਣ ਕਾਰਨ ਘੱਟੋ-ਘੱਟ 13 ਲੋਕਾਂ ਦੀ ਮੌਤ ਹੋ ਗਈ ਅਤੇ ਦੋ ਗੰਭੀਰ ਰੂਪ ਨਾਲ ਜ਼ਖ਼ਮੀ ਹੋਏ ਹਨ । ਮੁੱਖ ਮੰਤਰੀ ਨੇ ਦੱਸਿਆ ਕਿ ਇਹ ਘਟਨਾ ਦੁਪਹਿਰ ਕਰੀਬ 3:55 ਵਜੇ ਵਾਪਰੀ ਜਦੋਂ ਨੀਲਕਮਲ ਨਾਨਾਂਅ ਦਾ ਇਕ ਯਾਤਰੀ ਜਹਾਜ਼ ਨੇਵੀ ਦੀ ਇਕ ਕਿਸ਼ਤੀ ਨਾਲ ਟਕਰਾਉਣ ਤੋਂ ਬਾਅਦ ਸਮੁੰਦਰ ਵਿਚ ਪਲਟ ਗਿਆ।

## ਸਰਹੱਦ ਤੇ ਸ਼ਾਂਤੀ ਬਣਾਈ ਰੱਖਣ ਲਈ ਭਾਰਤ ਚੀਨ ਨੇ ਕੀਤੀ ਚਰਚਾ



**ਦਿੱਲੀ, ਲੋਕ ਬਾਣੀ:** ਭਾਰਤ ਅਤੇ ਚੀਨ ਦੇ ਵਿਸ਼ੇਸ਼ ਪ੍ਰਤੀਨਿਧਾਂ ਦੀ 23ਵੀਂ ਬੈਠਕ ਬੀਜਿੰਗ ਵਿੱਚ ਹੋਈ, ਜਿਸ ਵਿਚ ਸਰਹੱਦ ਤੇ ਸ਼ਾਂਤੀ ਬਣਾਈ ਰੱਖਣ ਤੇ ਧਿਆਨ ਕੇਂਦ੍ਰਿਤ ਕੀਤਾ ਗਿਆ। ਮੀਟਿੰਗ ਵਿਚ ਅਜੀਤ ਡੋਭਾਲ, ਰਾਸ਼ਟਰੀ ਸੁਰੱਖਿਆ ਸਲਾਹਕਾਰ (ਐਨ.ਐਸ.ਏ.) ਅਤੇ ਚੀਨ ਦੇ ਵਿਦੇਸ਼ ਮੰਤਰੀ ਅਤੇ ਸੀ.ਪੀ.ਸੀ. ਕੇਂਦਰੀ ਕਮੇਟੀ ਦੇ ਮੈਂਬਰ ਵਾਂਗ ਯੀ ਸ਼ਾਮਿਲ ਹੋਏ। ਡੋਵਾਲ ਨੇ ਵੈਂਗ ਯੀ ਨੂੰ ਮੀਟਿੰਗ ਦੇ ਅਗਲੇ ਦੌਰ ਲਈ ਆਪਸੀ ਸੁਵਿਧਾਜਨਕ ਮਿਤੀ ਤੇ ਭਾਰਤ ਆਉਣ ਦਾ ਸੱਦਾ ਵੀ ਦਿੱਤਾ।

## ਕਿਸਾਨ ਜਥੇਬੰਦੀਆਂ ਨੇ ਕਰਤਾ 30 ਨੂੰ ਪੰਜਾਬ ਬੰਦ ਦਾ ਐਲਾਨ




**ਲੁਧਿਆਣਾ, ਸੁਖਚੈਨ ਮਹਿਰਾ** --ਸ਼ੰਭੂ-ਖਨੌਰੀ ਬਾਰਡਰ ਤੇ ਕਿਸਾਨੀ ਸੰਘਰਸ਼ ਕਰ ਰਹੇ ਕਿਸਾਨ ਜਥੇਬੰਦੀਆਂ ਨੇ ਪੰਜਾਬ ਬੰਦ ਦੀ ਕਾਲ ਦਿੱਤੀ ਹੈ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ 30 ਦਸੰਬਰ ਨੂੰ ਪੰਜਾਬ ਬੰਦ ਦੀ ਕਾਲ ਦਿੰਦਿਆਂ ਪੰਜਾਬ ਵਾਸੀਆਂ ਸਾਥ ਦੇਣ ਦੀ ਅਪੀਲ ਕੀਤੀ ਹੈ। ਪੰਧਰ ਨੇ ਕਿਹਾ ਕਿ 30 ਦਸੰਬਰ ਨੂੰ ਪੰਜਾਬ ਦੇ ਕਿਸਾਨਾਂ ਵਲੋਂ ਸੂਬੇ ਨੂੰ ਬੰਦ ਕਰਵਾਇਆ ਜਾਵੇਗਾ। ਇਸ ਲਈ ਉਹ ਵਪਾਰਕ, ਧਾਰਮਿਕ, ਰਾਜਸੀ ਅਤੇ ਹੋਰ ਜਥੇਬੰਦੀਆਂ ਨੂੰ ਪੰਜਾਬ ਬੰਦ ਦੀ ਹਮਾਇਤ ਕਰਨ ਦੀ ਅਪੀਲ ਕਰਦੇ ਹਨ।

## ਸੰਨਿਆਸ ਤੋਂ ਪਹਿਲਾਂ ਭਾਵੁਕ ਹੋਇਆ ਇੰਡਿਅਨ ਖਿਡਾਰੀ



**ਦਿੱਲੀ, ਲੋਕ ਬਾਣੀ** --ਗਾਬਾ ਟੈਸਟ ਦੌਰਾਨ ਉਸ ਸਮੇਂ ਮਾਹੌਲ ਭਾਵੁਕ ਹੋ ਗਿਆ ਜਦੋਂ ਭਾਰਤੀ ਡ੍ਰੈਸਿੰਗ ਰੂਮ ਚ ਇਕੱਠੇ ਬੈਠੇ ਵਿਰਾਟ ਕੋਹਲੀ ਨੇ ਭਾਰਤੀ ਸਪਿਨਰ ਰਵੀਚੰਦਰਨ ਅਸ਼ਵਿਨ ਨੂੰ ਜੱਫੀ ਪਾ ਲਈ। ਅਸ਼ਵਿਨ ਇਸ ਸਮੇਂ ਭਾਵੁਕ ਨਜ਼ਰ ਆ ਰਹੇ ਸਨ। ਉਹ ਵਾਰ-ਵਾਰ ਆਪਣੀਆਂ ਅੱਖਾਂ ਵਿੱਚੋਂ ਹੰਝੂ ਪੂੰਝ ਰਹੇ ਸਨ। ਇਸ ਦ੍ਰਿਸ਼ ਤੋਂ ਬਾਅਦ ਜਿਵੇਂ ਹੀ ਗਾਬਾ ਟੈਸਟ ਮੀਂਹ ਕਾਰਨ ਡਰਾਅ ਐਲਾਨਿਆ ਗਿਆ, ਅਸ਼ਵਿਨ ਨੇ ਵੀ ਆਪਣੇ ਅੰਤਰਰਾਸ਼ਟਰੀ ਕਰੀਅਰ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ। ਖਾਸ ਗੱਲ ਇਹ ਸੀ ਕਿ ਜਦੋਂ ਇਹ ਸੀਨ ਦਿਖਾਏ ਜਾ ਰਹੇ ਸਨ ਤਾਂ ਕੁਮੈਂਟਰੀ ਬਾਕਸ ਚ ਬੈਠੇ ਸੁਨੀਲ ਗਾਵਸਕਰ, ਮੈਥਿਊ ਹੇਡਨ ਅਤੇ ਮਾਰਕ ਨਿਕੋਲਸ ਨੇ ਪਹਿਲਾਂ ਹੀ ਅੰਦਾਜ਼ਾ ਲਗਾ ਲਿਆ ਸੀ ਕਿ ਇਹ ਭਾਰਤੀ ਦਿੱਗਜ ਸੰਨਿਆਸ ਲੈਣ ਵਾਲਾ ਹੈ।

## ਬੇਅਦਬੀ ਮਾਮਲੇ ਨੂੰ ਲੈ ਕੇ ਸੰਘਰਸ਼ ਕਰ ਰਹੇ ਟਾਵਰ ਤੇ ਚੜੇ ਭਾਈ ਗੁਰਜੀਤ ਸਿੰਘ ਦੀ ਸਿਹਤ ਹੋਈ ਚਿੰਤਾਜਨਕ



**ਪਟਿਆਲਾ, ਲੋਕ ਬਾਣੀ**-ਸਮਾਣਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਭਾਰਤੀ ਸੰਚਾਰ ਨਿਗਮ ਦੇ 400 ਫੁੱਟ ਉੱਚੇ ਟਾਵਰ ਤੇ ਚੜ੍ਹੇ ਭਾਈ ਗੁਰਜੀਤ ਸਿੰਘ ਫੌਜੀ ਦੀ ਸਿਹਤ ਚਿੰਤਾਜਨਕ ਬਣੀ ਹੋਈ ਹੈ। ਮੋਰਚੇ ਦੇ ਸੰਚਾਲਕ ਭਾਈ ਰਜਿੰਦਰ ਸਿੰਘ ਫ਼ਤਿਹਗੜ੍ਹ ਛੰਨਾ ਨੇ ਇਸ ਤੱਥ ਦੀ ਪੁਸ਼ਟੀ ਕੀਤੀ ਹੈ ਕਿ ਉਹ ਬੀਤੇ ਕਲ੍ਹ ਦੋ ਘੰਟੇ ਬੇਹੋਸ਼ ਰਹੇ ਹਨ। ਉਨ੍ਹਾਂ ਦੀ ਸ਼ੂਗਰ ਵਧੀ ਹੋਈ ਹੈ ਅਤੇ ਹੋਰ ਕਈ ਸਰੀਰਕ ਕਮੀਆਂ ਪਾਈਆਂ ਗਈਆਂ ਹਨ।

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |

91000-79-579 | 98141-92-632
Shop No 5,Adda Kapur Pind,Opp IndusInd Bank,Jalandhar.

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਡਾ. ਬਲਜੀਤ ਕੌਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਲਈ 28 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੇ ਹੁਕਮ

ਚੰਡੀਗੜ੍ਹ, (ਲੋਕ ਬਾਣੀ) ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦੇ ਪੋਸ਼ਣ ਅਤੇ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਕਰੀਬ 70 ਹਜ਼ਾਰ ਲਾਭਪਾਤਰੀਆਂ ਨੂੰ 28 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੇ ਹੁਕਮ ਦਿੱਤੇ ਹਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਰਕਾਰ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦੇ ਪੋਸ਼ਣ ਅਤੇ ਸਿਹਤ ਸਥਿਤੀ ਨੂੰ ਉੱਚਾ ਚੁੱਕਣ ਲਈ ਲਗਾਤਾਰ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਮਾਤ੍ਰ ਵੰਦਨਾ ਯੋਜਨਾ ਸਕੀਮ ਤਹਿਤ ਚਾਲੂ ਵਿੱਤੀ ਸਾਲ ਦੇ ਮਹੀਨਾ ਅਕਤੂਬਰ 2024 ਵਿੱਚ 22 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪਹਿਲੇ ਬੱਚੇ ਦੇ ਜਨਮ ਅਤੇ ਦੂਜੇ ਬੱਚੇ ਲੜਕੀ ਦੇ ਜਨਮ ਤੇ ਕੁੱਲ 65478 ਔਰਤ ਲਾਭਪਾਤਰੀਆਂ ਨੂੰ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਭੇਜੀ ਜਾ ਚੁੱਕੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ 19 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ ਪਹਿਲੇ ਜੀਵਤ ਬੱਚੇ ਦੇ ਜਨਮ ਤੇ 5000 ਰੁਪਏ ਦੋ ਕਿਸ਼ਤਾਂ ਵਿੱਚ (3000+2000) ਅਤੇ ਦੂਜਾ ਬੱਚਾ ਲੜਕੀ ਪੈਦਾ ਹੋਣ ਤੇ 6000 ਰੁਪਏ ਦਿੱਤੇ ਜਾਂਦੇ ਹਨ। ਇਹ ਰਾਸ਼ੀ ਪ੍ਰਧਾਨ ਮੰਤਰੀ ਮਾਤ੍ਰ ਵੰਦਨਾ ਯੋਜਨਾ ਤਹਿਤ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦੇ ਪੋਸ਼ਣ ਅਤੇ ਸਿਹਤ ਸਥਿਤੀ ਨੂੰ ਉੱਚਾ ਚੁੱਕਣ ਲਈ ਵਿਸ਼ੇਸ਼ ਸ਼ਰਤਾਂ ਦੀ ਪੂਰਤੀ ਦੇ ਅਧੀਨ ਦਿੱਤੀ ਜਾਂਦੀ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਅੰਸ਼ਕ ਮੁਆਵਜ਼ਾ ਪ੍ਰਦਾਨ ਕਰਕੇ ਉਨ੍ਹਾਂ ਦੀ ਸਿਹਤ ਵਿੱਚ ਬੱਚੇ ਦੇ ਜਣੇਪੇ ਤੋਂ ਪਹਿਲਾਂ ਅਤੇ ਬਾਅਦ ਵਿੱਚ ਸੁਧਾਰ ਕਰਨਾ ਹੈ।



ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸਕੀਮ ਦਾ ਉਦੇਸ਼ ਸੂਬੇ ਵਿੱਚ ਜਨਮ ਸਮੇਂ ਲੜਕੀਆਂ ਦੇ ਘੱਟ ਰਹੇ ਲਿੰਗ ਅਨੁਪਾਤ ਵਿੱਚ ਸੁਧਾਰ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸੂਬੇ ਦੇ ਸਾਰੇ ਆਂਗਣਵਾੜੀ ਸੈਂਟਰਾਂ ਵਿੱਚ ਆਂਗਣਵਾੜੀ ਵਰਕਰਾਂ ਵੱਲੋਂ ਇਸ ਵਿੱਤੀ ਸਹਾਇਤਾ ਲਈ ਫਾਰਮ ਭਰੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ, ਡਾਕਖਾਨੇ ਖਾਤਿਆਂ ਵਿੱਚ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਲਾਭ ਪ੍ਰਾਪਤ ਕਰਨ ਲਈ ਹਰ ਲਾਭਪਾਤਰੀ ਕੋਲ ਆਧਾਰ ਕਾਰਡ ਹੋਣਾ ਲਾਜਮੀ ਹੈ ਜੋ ਬੈਂਕ ਖਾਤੇ ਨਾਲ ਲਿੰਕ ਹੋਣਾ ਜ਼ਰੂਰੀ ਹੈ।

ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਦੇ ਯੋਗ ਲਾਭਪਾਤਰੀਆਂ ਦੇ ਫਾਰਮ ਭਰੇ ਜਾਣ ਤਾਂ ਜੋ ਲਾਭਪਾਤਰੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਵਧੇਰੇ ਜਾਣਕਾਰੀ ਲਈ ਲਾਭਪਾਤਰੀ ਆਪਣੇ ਜ਼ਿਲ੍ਹੇ ਦੇ ਆਂਗਣਵਾੜੀ ਸੈਂਟਰ, ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ ਅਤੇ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨਾਲ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਹਿਲਾਵਾਂ ਅਤੇ ਬੱਚਿਆਂ ਦੀ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।

# 2 ਦਸੰਬਰ ਦੇ ਸਿੰਘ ਸਾਹਿਬਾਨ ਦੇ ਫੈਸਲੇ ਚ ਸ਼ਾਮਿਲ ਹੋਣਾ ਮੇਰਾ ਗੁਨਾਹ ,ਇਸਲਈ ਕੀਤਾ ਜਾ ਰਿਹੈ ਪ੍ਰੇਸ਼ਾਨ : ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ



(ਲੋਕ ਬਾਣੀ) ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਪ੍ਰੈੱਸ ਕਾਨਫਰੰਸ ਚ ਕਿਹਾ ਕਿ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਸਿੰਘ ਸਾਹਿਬਾਨ ਵੱਲੋਂ ਸੁਣਾਏ ਗਏ ਫੈਸਲੇ ਚ ਸ਼ਾਮਿਲ ਹੋਣਾ ਮੇਰਾ ਗੁਨਾਹ ਹੋ ਨਿੱਬੜਿਆ ਅਤੇ ਉਸਦੇ ਬਾਅਦ ਤੋਂ ਲਗਾਤਾਰ ਮੈਨੂੰ ਪ੍ਰੇਸ਼ਾਨ ਕੀਤਾ ਜਾ ਰਿਹੈ ਮੇਰੀ ਕਿਰਦਾਰਕੁਸ਼ੀ ਕੀਤੀ ਜਾ ਰਹੀ ਹੈ ,ਮੇਰਾ ਪਰਿਵਾਰ ਪਿਛਲੇ 15 ਦਿਨਾਂ ਤੋਂ ਸੌਂ ਨਹੀਂ ਸਕਿਆ ਅਤੇ ਇਸ ਸਭ ਦੇ ਪਿੱਛੇ ਇੱਕ ਸਾਬਕਾ ਕਹਾਉਂਦਾ ਅਕਾਲੀ ਆਗੂ ਹੈ।

2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਣਾਏ ਫੈਸਲੇ ਨੂੰ ਬਦਲਣ ਲਈ ਅਗਰ ਪੰਜ ਸਿੰਘ ਸਾਹਿਬਾਨ ਕੋਈ ਮੀਟਿੰਗ ਬੁਲਾਉਂਦੇ ਹਨ ਤਾਂ ਮੈਂ ਉਸ ਵਿੱਚ ਸ਼ਾਮਿਲ ਨਹੀਂ ਹੋਵਾਂਗਾ।ਉਕਤ ਵਿਚਾਰ ਗਿਆਨੀ ਹਰਪ੍ਰੀਤ ਸਿੰਘ ਨੇ ਪ੍ਰਗਟਾਏ।ਓਹਨਾਂ ਖਦਸ਼ਾ ਪ੍ਰਗਟ ਕੀਤਾ ਕਿ ਸ਼ਾਇਦ ਅਸਤੀਫਿਆਂ ਦੇ ਫੈਸਲੇ ਨੂੰ ਬਦਲਣ ਲਈ ਕੁਝ ਹੋ ਸਕਦਾ ਹੈ।ਓਹਨਾਂ ਕਿਹਾ ਬੀ ਜੇ ਪੀ ਨਾਲ ਸਬੰਧਾਂ ਦੇ ਦੋਸ਼ ਗਲਤ ਪਰ ਸਾਰੀਆਂ ਪਾਰਟੀਆਂ ਦੇ ਸਿੱਖ ਆਗੂ ਅਕਸਰ ਮਿਲਦੇ ਰਹਿੰਦੇ ਨੇ ਉਸ ਨਾਲ ਮੈਂ ਕਿਸੇ ਪਾਰਟੀ ਨਾਲ ਨਹੀਂ ਜੁੜ ਜਾਂਦਾ।

ਪ੍ਰੈੱਸ ਕਾਨਫਰੰਸ ਦੌਰਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਮੈਂ ਫਿਲਹਾਲ ਅਹੁਦੇ ਤੋਂ ਅਸਤੀਫਾ ਨਹੀਂ ਦੇ ਰਿਹਾ ਪਰ ਜੇਕਰ ਸ਼ਿਰੋਮਣੀ ਕਮੇਟੀ ਚਾਹੇ ਤਾਂ ਦੋ ਮਹੀਨੇ ਪਹਿਲਾਂ ਮੇਰੇ ਵੱਲੋਂ ਦਿੱਤਾ ਅਸਤੀਫਾ ਪ੍ਰਵਾਨ ਕਰ ਸਕਦੀ ਹੈ।ਓਹਨਾਂ ਇਸ ਮੌਕੇ ਇਹ ਵੀ ਦੱਸਿਆ ਕਿ ਓਹਨਾਂ ਨੇ ਦਮਦਮਾ ਸਾਹਿਬ ਵਿਚਲੀ ਆਪਣੀ ਸ਼ਿਰੋਮਣੀ ਕਮੇਟੀ ਦੀ ਰਿਹਾਇਸ਼ ਖਾਲੀ ਕਰ ਦਿੱਤੀ ਹੈ ਕਿਉਂਕਿ ਮੇਰਾ ਪਰਿਵਾਰ ਪਿਛਲੇ ਕੁਝ ਦਿਨਾਂ ਤੋਂ ਪ੍ਰੇਸ਼ਾਨ ਸੀ।

# ਪਾਕਿਸਤਾਨ ਚ ਫਸੀ ਹਮੀਦਾ ਬਾਨੋ 25 ਸਾਲਾਂ ਬਾਅਦ ਭਾਰਤ ਪਰਤੀ, ਏਜੰਟ ਨੇ ਧੋਖੇ ਨਾਲ ਭੇਜਿਆ

ਮੁੰਬਈ (ਲੋਕ ਬਾਣੀ) ਨਿਵਾਸੀ ਹਮੀਦਾ ਬਾਨੋ 25 ਸਾਲ ਬਾਅਦ ਆਪਣੇ ਦੇਸ਼ ਪਰਤੀ ਹੈ। ਉਸ ਨੂੰ ਇੱਕ ਟਰੈਵਲ ਏਜੰਟ ਨੇ ਦੁਬਈ ਵਿੱਚ ਨੌਕਰੀ ਦਾ ਝਾਂਸਾ ਦੇ ਕੇ ਪਾਕਿਸਤਾਨ ਭੇਜ ਦਿੱਤਾ ਸੀ। ਸਾਲ 2002 ਵਿੱਚ ਏਜੰਟ ਨੇ ਹਮੀਦਾ ਬਾਨੋ ਨੂੰ ਇਹ ਕਹਿ ਕੇ ਦੁਬਈ ਭੇਜਣ ਦਾ ਵਾਅਦਾ ਕੀਤਾ ਕਿ ਉਸ ਨੂੰ ਉੱਥੇ ਕੁੱਕ ਦੀ ਨੌਕਰੀ ਮਿਲ ਜਾਵੇਗੀ। ਪਰ ਇਸ ਦੀ ਬਜਾਏ ਉਹ ਉਨ੍ਹਾਂ ਨੂੰ ਪਾਕਿਸਤਾਨ ਦੇ ਸਿੰਧ ਸੂਬੇ ਦੇ ਹੈਦਰਾਬਾਦ ਜ਼ਿਲ੍ਹੇ ਲੈ ਗਿਆ।

ਹਮੀਦਾ ਬਾਨੋ ਚਾਰ ਬੱਚਿਆਂ ਦੀ ਮਾਂ ਸੀ ਅਤੇ ਆਪਣੇ ਪਤੀ ਦੀ ਮੌਤ ਤੋਂ ਬਾਅਦ ਪਰਿਵਾਰ ਦਾ ਗੁਜ਼ਾਰਾ ਚਲਾ ਰਹੀ ਸੀ। ਉਸ ਨੂੰ 25 ਸਾਲਾਂ ਤੱਕ ਟਰੈਵਲ ਏਜੰਟ ਤੇ ਭਰੋਸਾ ਕਰਨ ਦੀ ਕੀਮਤ ਚੁਕਾਉਣੀ ਪਈ।



ਸਾਲ 2022 ਵਿੱਚ, ਇੱਕ ਪਾਕਿਸਤਾਨੀ ਯੂਟਿਊਬਰ ਵਲੀਉੱਲ੍ਹਾ ਮਾਰੂਫ ਨੇ ਹਮੀਦਾ ਦੀ ਕਹਾਣੀ ਸਾਂਝੀ ਕੀਤੀ ਸੀ। ਉਸ ਵੀਲੌਗ ਰਾਹੀਂ ਹਮੀਦਾ ਦਾ ਆਪਣੇ ਪਰਿਵਾਰ ਨਾਲ ਸੰਪਰਕ ਹੋਇਆ। ਇਸ ਦੌਰਾਨ ਉਨ੍ਹਾਂ ਨੇ ਆਪਣੀ ਬੇਟੀ ਯਾਸਮੀਨ ਨਾਲ ਫੋਨ ਤੇ ਗੱਲਬਾਤ ਵੀ ਕੀਤੀ।

# ਲਖਬੀਰ ਲੰਡਾ ਦੇ ਦੋ ਸਾਥੀਆਂ ਖਿਲਾਫ਼ ਚਾਰਜਸ਼ੀਟ ਦਾਇਰ, NIA ਨੇ ਕੀਤੀ ਕਾਰਵਾਈ

(ਲੋਕ ਬਾਣੀ) ਕੌਮੀ ਜਾਂਚ ਏਜੰਸੀ ਨੇ ਪੰਜਾਬ ਅਤਿਵਾਦੀ ਸਾਜ਼ਿਸ਼ ਕੇਸ ਵਿੱਚ ਪਾਬੰਦੀਸ਼ੁਦਾ ਬੱਬਰ ਖ਼ਾਲਸਾ ਇੰਟਰਨੈਸ਼ਨਲ ਜਥੇਬੰਦੀ ਦੇ ਲਖਬੀਰ ਸਿੰਘ ਉਰਫ਼ ਲੰਡਾ ਦੇ ਦੋ ਮੁੱਖ ਸਾਥੀਆਂ ਖ਼ਿਲਾਫ਼ ਚਾਰਜਸ਼ੀਟ ਦਾਖ਼ਲ ਕੀਤੀ ਹੈ। ਮੋਹਾਲੀ ਦੀ ਵਿਸ਼ੇਸ਼ ਐਨਆਈਏ ਅਦਾਲਤ ਵਿੱਚ ਮੰਗਲਵਾਰ ਨੂੰ ਪੰਜਾਬ ਦੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਜਸਪ੍ਰੀਤ ਸਿੰਘ ਅਤੇ ਮੱਧ ਪ੍ਰਦੇਸ਼ ਦੇ ਬਰਵਾਨੀ ਜ਼ਿਲ੍ਹੇ ਦੇ ਬਲਜੀਤ ਸਿੰਘ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਗਈ। ਜਾਂਚ ਏਜੰਸੀ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਐਨਆਈਏ ਨੇ ਇਨ੍ਹਾਂ ਦੀ ਪਛਾਣ ਵਿਦੇਸ਼ੀ ਮੂਲ ਦੇ ਦਹਿਸ਼ਤਗਰਦ ਲੰਡਾ ਵੱਲੋਂ ਗਠਿਤ ਅੱਤਵਾਦੀ ਗਿਰੋਹ ਦੇ ਮੈਂਬਰਾਂ ਵਜੋਂ ਕੀਤੀ ਹੈ।

ਐਨਆਈਏ ਦੀ ਜਾਂਚ ਵਿੱਚ ਪਾਇਆ ਗਿਆ ਕਿ ਜਸਪ੍ਰੀਤ ਸਿੰਘ ਲੰਡਾ ਅਤੇ ਉਸਦੇ ਸਾਥੀ ਪੱਟੂ ਖਹਿਰਾ ਦਾ ਇੱਕ ਮਹੱਤਵਪੂਰਨ ਗਰਾਊਂਡ ਵਰਕਰ ਸੀ, ਜਦੋਂ ਕਿ ਬਲਜੀਤ ਸਿੰਘ ਲੰਡਾ ਗੈਂਗ ਦੇ ਮੈਂਬਰਾਂ ਅਤੇ ਹੋਰ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰਨ ਵਿੱਚ ਸ਼ਾਮਲ ਸੀ। ਐਨਆਈਏ ਨੇ ਦਾਅਵਾ ਕੀਤਾ ਕਿ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਜਸਪ੍ਰੀਤ ਸਿੰਘ ਲੰਡਾ ਦੇ ਡਰੱਗ ਤਸਕਰੀ ਅਤੇ ਜਬਰਦਸਤੀ ਨੈੱਟਵਰਕ ਵਿੱਚ ਸ਼ਾਮਲ ਸੀ ਜਿਸਦਾ ਉਦੇਸ਼ ਬੀਕੇਆਈ ਲਈ ਫੰਡ ਇਕੱਠਾ ਕਰਨਾ ਸੀ।

# ਰੇਲ-ਰੋਕੋ ਅੰਦੋਲਨ ਮਗਰੋਂ ਕਿਸਾਨ ਆਗੂ ਸਰਵਨ ਸਿੰਘ ਪੰਧੇਰ ਦਾ ਵੱਡਾ ਐਲਾਨ, ਹੁਣ 30 ਦਸੰਬਰ ਨੂੰ ਪੰਜਾਬ ਬੰਦ ਦਾ ਦਿੱਤਾ ਸੱਦਾ

ਚੰਡੀਗੜ੍ਹ (ਲੋਕ ਬਾਣੀ)- ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ ਤੇ ਚੱਲ ਰਹੇ ਕਿਸਾਨ ਅੰਦੋਲਨ ਦੇ ਸਮਰਥਨ ਚ ਅੱਜ ਪੰਜਾਬ ਭਰ ਚ ਕਿਸਾਨਾਂ ਨੇ 3 ਘੰਟੇ ਲਈ ਰੇਲ ਮਾਰਗ ਜਾਮ ਕੀਤਾ ਸੀ। ਦੁਪਹਿਰ 12 ਵਜੇ ਤੋਂ 48 ਥਾਵਾਂ 'ਤੇ ਕਿਸਾਨ ਪਟੜੀਆਂ 'ਤੇ ਬੈਠ ਗਏ। 3 ਵਜੇ ਤੋਂ ਬਾਅਦ ਹੀ ਕਿਸਾਨਾਂ ਨੇ ਪਟੜੀਆਂ ਖਾਲੀ ਕਰ ਦਿੱਤੀਆਂ ਹਨ।



ਇਸ ਦੇ ਨਾਲ ਹੀ ਰੇਲ-ਰੋਕੋ ਅੰਦੋਲਨ ਮਗਰੋਂ ਕਿਸਾਨ ਆਗੂ ਸਰਵਨ ਸਿੰਘ ਪੰਧੇਰ ਨੇ ਵੱਡਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ 30 ਦਸੰਬਰ ਨੂੰ ਪੰਜਾਬ ਬੰਦ ਰੱਖਿਆ ਜਾਵੇਗਾ, ਸਿਰਫ਼ ਐਮਰਜੈਂਸੀ ਸੇਵਾਵਾਂ ਛੱਡ ਕੇ ਸਾਰਾ ਪੰਜਾਬ ਬੰਦ ਰਹੇਗਾ। ਉਨ੍ਹਾਂ ਨੇ ਕਿਹਾ ਕਿ ਇਹ ਐਲਾਨ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਹੱਕ ਚ ਕੀਤਾ ਗਿਆ ਹੈ।

# ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦਾ ਇੰਸਪੈਕਟਰ 45,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ

**ਚੰਡੀਗੜ੍ਹ (ਲੋਕ ਬਾਣੀ)** ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਫਿਰੋਜ਼ਪੁਰ ਵਿਖੇ ਤਾਇਨਾਤ ਪੰਜਾਬ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਇੰਸਪੈਕਟਰ ਅਮਿਤ ਕੁਮਾਰ ਕੱਕੜ ਨੂੰ 45,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਫਿਰੋਜ਼ਪੁਰ ਦੇ ਇੱਕ ਆੜ੍ਹਤੀ ਮੋਹਨ ਲਾਲ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫਤਾਰ ਕੀਤਾ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਕਤ ਮੁਲਜ਼ਮ ਖਰੀਦੇ ਗਏ ਝੋਨੇ ਦੀਆਂ ਬੋਰੀਆਂ ਬਾਬਤ ਮਜ਼ਦੂਰੀ ਅਤੇ ਸਿਲਾਈ ਆਦਿ ਖਰਚਿਆਂ ਨਾਲ ਸਬੰਧਤ ਬਿੱਲ ਪਾਸ ਕਰਨ ਲਈ 2 ਰੁਪਏ ਪ੍ਰਤੀ ਬੋਰੀ ਰਿਸ਼ਵਤ ਦੀ ਮੰਗ ਕਰ ਰਿਹਾ ਸੀ ਪਰ ਸੌਦਾ 1.30 ਰੁਪਏ ਪ੍ਰਤੀ ਬੋਰੀ ਵਿੱਚ ਤੈਅ ਹੋਇਆ, ਜਿਸਦੀ ਰਕਮ 45,000 ਰੁਪਏ ਬਣਦੀ ਹੈ।



ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 45,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ ਅਤੇ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ। ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਚੰਡੀਗੜ੍ਹ ਚ ਘਰ ਦੇ ਬਾਹਰ ਖੇਡ ਰਹੇ ਬੱਚੇ ਨੂੰ ਪਿਕਅੱਪ ਗੱਡੀ ਨੇ ਕੁਚਲਿਆ: ਮੌਕੇ ਤੇ ਹੀ ਮੌਤ




**ਚੰਡੀਗੜ੍ਹ- (ਲੋਕ ਬਾਣੀ)** ਚੰਡੀਗੜ੍ਹ ਚ 11 ਸਾਲਾ ਬੱਚੇ ਨੂੰ ਪਿਕਅੱਪ ਗੱਡੀ ਨੇ ਕੁਚਲ ਦਿੱਤਾ, ਜਿਸ ਕਾਰਨ ਉਸ ਦੀ ਮੌਕੇ ਤੇ ਹੀ ਮੌਤ ਹੋ ਗਈ। ਬੱਚਾ ਆਪਣੇ ਘਰ ਦੇ ਬਾਹਰ ਖੇਡ ਰਿਹਾ ਸੀ। ਇਸ ਦੌਰਾਨ ਗੱਡੀ ਨੂੰ ਪਿੱਛੇ ਕਰਦੇ ਸਮੇਂ ਇਹ ਹਾਦਸਾ ਵਾਪਰ ਗਿਆ, ਹਾਦਸਾ ਦੁਪਹਿਰ 3 ਵਜੇ ਕੈਂਬਵਾਲਾ ਵਿੱਚ ਵਾਪਰਿਆ। ਜਾਣਕਾਰੀ ਅਨੁਸਾਰ ਪਿਕਅੱਪ ਵੈਨ ਮਾਲ ਨਾਲ ਲੱਦੀ ਹੋਈ ਸੀ। ਬੱਚਾ ਆਪਣੇ ਘਰ ਦੇ ਬਾਹਰ ਖੇਡ ਰਿਹਾ ਸੀ। ਇਸ ਦੌਰਾਨ ਡਰਾਈਵਰ ਕਾਰ ਨੂੰ ਪਿੱਛੇ ਕਰ ਰਿਹਾ ਸੀ। ਅਚਾਨਕ ਬੱਚਾ ਕਾਰ ਦੇ ਹੇਠਾਂ ਆ ਗਿਆ।

ਹਾਦਸੇ ਤੋਂ ਬਾਅਦ ਪਰਿਵਾਰ ਵਾਲੇ ਬੱਚੇ ਨੂੰ ਸੈਕਟਰ-16 ਦੇ ਹਸਪਤਾਲ ਲੈ ਗਏ। ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪਰਿਵਾਰ ਵਾਲਿਆਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਸੈਕਟਰ-3 ਥਾਣਾ ਪੁਲਸ ਨੇ ਦੋਸ਼ੀ ਡਰਾਈਵਰ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਤੇ ਫੇਸਬੁੱਕ ਤੇ ਜਾਅਲੀ ਅਕਾਊਂਟ, ਜਥੇਦਾਰ ਨੇ ਪ੍ਰਗਟਾਇਆ ਰੋਸ

**ਅੰਮ੍ਰਿਤਸਰ- (ਲੋਕ ਬਾਣੀ)** ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਤੇ ਫੇਸਬੁੱਕ ਤੇ ਜਾਅਲੀ ਅਕਾਊਂਟ ਬਣਾਇਆ ਗਿਆ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਤੇ ਇਸ ਦੀ ਜਾਣਕਾਰੀ ਦਿੱਤੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਅਕਾਊਂਟ ਦੇ ਸਿਰਜਣਹਾਰ ਨੂੰ ਸਲਾਹ ਵੀ ਦਿੱਤੀ ਹੈ। ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਇਸ ਕਾਰਵਾਈ ਦਾ ਵਿਰੋਧ ਕੀਤਾ ਹੈ।

ਜਾਅਲੀ ਫੇਸਬੁੱਕ ਪੇਜ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਦੀ ਟੀਮ ਨੇ ਲਿਖਿਆ- ਅਜਿਹੀਆਂ ਘਟੀਆ ਅਤੇ ਘਿਨਾਉਣੀਆਂ ਹਰਕਤਾਂ ਕਿਸੇ ਵੀ ਸਿੱਖ ਦੇ ਦਿਮਾਗ ਵਿੱਚ ਕਦੇ ਨਹੀਂ ਆ ਸਕਦੀਆਂ। ਸਾਡਾ ਮੰਨਣਾ ਹੈ ਕਿ ਤੁਹਾਡੇ ਕੋਲ ਪੈਸਾ ਹੈ, ਇੱਕ ਪੂਰਾ ਨੈੱਟਵਰਕ ਸਿਸਟਮ ਹੈ ਅਤੇ ਕੁਝ ਚਾਪਲੂਸ ਵੀ ਹਨ। ਪਰ, ਇਸ ਹੱਦ ਤੱਕ ਡਿੱਗਣਾ ਨੈਤਿਕ ਤੌਰ ਤੇ ਘਟੀਆ ਹੋਣ ਦਾ ਸਬੂਤ ਹੈ।

ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਤੇ ਇਕ ਫਰਜ਼ੀ ਪੇਜ ਬਣਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਵੱਖ-ਵੱਖ ਪੋਸਟਾਂ ਤੇ ਘਟੀਆ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ। ਟਾਈਟੈਨਿਕ ਸਮੁੰਦਰ ਵਿੱਚ ਇੰਨਾ ਹੇਠਾਂ ਨਹੀਂ ਡਿੱਗਿਆ ਜਿੰਨਾ ਤੁਸੀਂ ਕੀਤਾ ਸੀ। ਮੈਂ ਸਿਰਫ਼



ਇੰਨਾ ਹੀ ਕਹਾਂਗਾ ਕਿ ਗੁਰੂ ਜੀ ਦੀ ਪਿਆਰੀ ਸੰਗਤ ਨੂੰ ਬੇਨਤੀ ਹੈ ਕਿ ਉਹ ਅਜਿਹੇ ਜਾਅਲੀ ਖਾਤਿਆਂ ਤੋਂ ਸਾਵਧਾਨ ਰਹਿਣ।

# ਪੰਜਾਬ ਪੁਲਿਸ ਵੱਲੋਂ ਕੈਨੇਡਾ ਅਧਾਰਤ ਅੱਤਵਾਦੀ ਅਰਸ਼ ਡੱਲਾ ਦੇ ਚਾਰ ਕਾਰਕੁਨ ਗ੍ਰਿਫਤਾਰ; ਤਿੰਨ ਪਿਸਤੌਲ ਬਰਾਮਦ

**ਚੰਡੀਗੜ੍ਹ, (ਲੋਕ ਬਾਣੀ):** ਸੰਗਠਿਤ ਅਪਰਾਧ ਦੇ ਖ਼ਾਤਮੇ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ, ਪੰਜਾਬ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਐਸਏਐਸ ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਕੈਨੇਡਾ ਅਧਾਰਤ ਅੱਤਵਾਦੀ ਅਰਸ਼ ਡੱਲਾ ਅਤੇ ਇੱਕ ਹੋਰ ਵਿਦੇਸ਼ੀ ਹੈਂਡਲਰ ਦੇ ਚਾਰ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ .32 ਬੋਰ ਦੇ ਤਿੰਨ ਪਿਸਤੌਲ ਅਤੇ 16 ਕਾਰਤੂਸ ਬਰਾਮਦ ਕੀਤੇ ਗਏ ਹਨ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਦਿੱਤੀ।

ਫੜੇ ਗਏ ਵਿਅਕਤੀਆਂ ਦੀ ਪਛਾਣ ਗਗਨਦੀਪ ਸਿੰਘ ਅਤੇ ਨਵਜੋਤ ਸਿੰਘ ਉਰਫ਼ ਨੀਸ਼ੂ ਵਾਸੀ ਅਮਲੋਹ, ਫ਼ਤਹਿਗੜ੍ਹ ਸਾਹਿਬ, ਜੋ ਇਸ ਸਮੇਂ ਖਰੜ ਵਿਖੇ ਕਿਰਾਏ ਦੇ ਮਕਾਨ 'ਚ ਰਹਿ ਰਹੇ ਸਨ; ਪਟਿਆਲਾ ਦੇ ਭਾਦਸੋਂ ਦੇ ਰਹਿਣ ਵਾਲੇ ਲਖਵਿੰਦਰ ਸਿੰਘ ਅਤੇ ਫਰੀਦਕੋਟ ਵਾਸੀ ਵਿਪਨਪ੍ਰੀਤ ਸਿੰਘ ਵਜੋਂ ਹੋਈ ਹੈ। ਗ੍ਰਿਫ਼ਤਾਰ ਮੁਲਜ਼ਮਾਂ ਤੋਂ ਹਥਿਆਰ ਅਤੇ ਗੋਲੀ-ਸਿੱਕਾ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਚਿੱਟੇ ਰੰਗ ਦੀ ਸਵਿਫਟ ਕਾਰ, ਜਿਸ 'ਤੇ ਉਹ ਜਾ ਰਹੇ ਸਨ, ਵੀ ਜ਼ਬਤ ਕਰ ਲਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਨੇ ਆਪਣੇ ਵਿਦੇਸ਼ੀ ਹੈਂਡਲਰ




ਦਲਜੀਤ ਸਿੰਘ ਉਰਫ਼ ਨਿੰਦਾ ਦੇ ਨਿਰਦੇਸ਼ਾਂ 'ਤੇ ਬੀਤੀ 1 ਅਤੇ 2 ਦਸੰਬਰ ਦੀ ਦਰਮਿਆਨੀ ਰਾਤ ਨੂੰ ਮੁਹਾਲੀ ਦੇ ਫੇਜ਼ 11 ਸਥਿਤ ਕਾਰ ਐਕਸੈਸਰੀਜ਼ ਦੇ ਸ਼ੋਅਰੂਮ ਦੇ ਮਾਲਕ ਨੂੰ ਡਰਾ ਧਮਕਾ ਕੇ ਉਸ ਤੋਂ ਪੈਸੇ ਵਸੂਲਣ ਦੇ ਇਰਾਦੇ ਨਾਲ ਸ਼ੋਅਰੂਮ 'ਤੇ ਗੋਲੀਆਂ ਚਲਾਉਣ ਦਾ ਜੁਰਮ ਕਬੂਲਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਦਲਜੀਤ ਸਿੰਘ ਉਰਫ਼ ਨਿੰਦਾ ਦਾ ਪੁਰਾਣਾ ਅਪਰਾਧਕ ਰਿਕਾਰਡ ਹੈ, ਜੋ ਫ਼ਰਜ਼ੀ ਪਾਸਪੋਰਟ ਬਣਵਾ ਕੇ ਅਮਰੀਕਾ ਭੱਜ ਗਿਆ ਸੀ ਅਤੇ ਉਥੇ ਅਮਰੀਕਾ-ਅਧਾਰਤ ਕੱਟੜਪੰਥੀ ਗੈਂਗਸਟਰ ਨਾਲ ਜੁੜ ਗਿਆ ਸੀ।

ਡੀਜੀਪੀ ਨੇ ਕਿਹਾ ਕਿ ਇਹ ਮਾਡਿਊਲ ਕੱਟੜਪੰਥੀ ਅਰਸ਼ ਡੱਲਾ ਨਾਲ ਜੁੜਿਆ ਹੋਇਆ ਸੀ ਅਤੇ ਉਸ ਦੇ ਇਸ਼ਾਰੇ ਤੇ ਪੰਜਾਬ ਵਿੱਚ ਹੋਰ ਅਪਰਾਧਾਂ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਸੀ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਸਾਰੇ ਮੁਲਜ਼ਮਾਂ ਦਾ ਪੁਰਾਣਾ ਅਤੇ ਵੱਡਾ ਅਪਰਾਧਕ ਰਿਕਾਰਡ ਹੈ, ਜਿਨ੍ਹਾਂ ਖ਼ਿਲਾਫ਼ ਕਈ ਕੇਸ ਦਰਜ ਹਨ, ਜਦਕਿ ਇਸ ਮਾਡਿਊਲ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਲਈ ਅਗਲੇਰੀ ਜਾਂਚ ਜਾਰੀ ਹੈ।

ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਏਡੀਜੀਪੀ ਏਜੀਟੀਐਫ ਪ੍ਰਮੋਦ ਬਾਨ ਨੇ ਕਿਹਾ ਕਿ ਮੋਹਾਲੀ ਵਿਖੇ ਕਾਰ ਐਕਸੈਸਰੀਜ਼ ਦੇ ਸ਼ੋਅਰੂਮ 'ਤੇ ਗੋਲੀਬਾਰੀ ਦੀ ਘਟਨਾ ਤੋਂ ਬਾਅਦ ਇਸ ਕੇਸ ਨੂੰ ਸੁਲਝਾਉਣ ਲਈ ਏਆਈਜੀ ਗੁਰਮੀਤ ਚੌਹਾਨ ਅਤੇ ਏਆਈਜੀ ਸੰਦੀਪ ਗੋਇਲ ਦੀ ਨਿਗਰਾਨੀ ਹੇਠ ਅਤੇ ਐਸਐਸਪੀ ਐਸਏਐਸ ਨਗਰ ਦੀਪਕ ਪਾਰੀਕ ਨਾਲ ਤਾਲਮੇਲ ਜ਼ਰੀਏ ਏਜੀਟੀਐਫ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਟੀਮਾਂ ਨੇ ਘਟਨਾ ਸਥਾਨ ਤੋਂ ਸੀਸੀਟੀਵੀ ਫੁਟੇਜ, ਤਕਨੀਕੀ ਜਾਣਕਾਰੀ ਅਤੇ ਸਬੂਤ ਇਕੱਠੇ ਕੀਤੇ, ਜਿਸ ਨਾਲ ਅਪਰਾਧ ਵਿੱਚ ਸ਼ਾਮਲ ਦੋ ਸ਼ੂਟਰਾਂ ਸਮੇਤ ਮੁਲਜ਼ਮਾਂ ਦੀ ਪਛਾਣ ਹੋਈ। ਉਨ੍ਹਾਂ ਦੱਸਿਆ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਏ.ਜੀ.ਟੀ.ਐਫ. ਦੀਆਂ ਵਿਸ਼ੇਸ਼ ਟੀਮਾਂ ਨੇ ਮੁਲਜ਼ਮਾਂ ਨੂੰ ਉਸ ਵੇਲੇ ਸਫ਼ਲਤਾਪੂਰਵਕ ਟਰੇਸ ਕਰ ਲਿਆ ਜਦੋਂ ਉਹ ਆਪਣੀ ਸਵਿਫ਼ਟ ਕਾਰ ਵਿੱਚ ਜਾ ਰਹੇ ਸਨ, ਜਿਸ ਉਪਰੰਤ ਪੁਲਿਸ ਟੀਮਾਂ ਵੱਲੋਂ ਮੁਲਜ਼ਮਾਂ ਨੂੰ ਫੋਕਲ ਪੁਆਇੰਟ, ਮੋਹਾਲੀ ਨੇੜਿਓਂ ਅਪਰਾਧ ਵਿੱਚ ਵਰਤੇ ਗਏ ਹਥਿਆਰਾਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ।

ਏਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਗਗਨਦੀਪ ਤੇ ਨਵਜੋਤ ਉਰਫ਼ ਨੀਸ਼ੂ ਨੇ ਕਾਰ ਐਕਸੈਸਰੀਜ਼ ਦੇ ਸ਼ੋਅਰੂਮ 'ਤੇ ਗੋਲੀਆਂ ਚਲਾਈਆਂ ਅਤੇ ਮੁਲਜ਼ਮ ਲਖਵਿੰਦਰ ਨੇ ਉਨ੍ਹਾਂ ਨੂੰ ਲੌਜਿਸਟਿਕ ਸਹਾਇਤਾ ਪ੍ਰਦਾਨ ਕਰਨ ਵਿੱਚ ਮਦਦ ਕੀਤੀ ਜਦਿ ਕਿ ਮੁਲਜ਼ਮ ਵਿਪਨਪ੍ਰੀਤ ਵੱਲੋਂ ਅਰਸ਼ ਡੱਲਾ ਦੇ ਕਹਿਣ 'ਤੇ ਉਨ੍ਹਾਂ ਨੂੰ ਹਥਿਆਰ ਮੁਹੱਈਆ ਕਰਵਾਏ ਗਏ।

ਐਸਐਸਪੀ ਦੀਪਕ ਪਾਰੀਕ ਨੇ ਦੱਸਿਆ ਕਿ ਮੁਲਜ਼ਮ ਗਗਨਦੀਪ ਥਾਣਾ ਅਮਲੋਹ ਵਿਖੇ ਦਰਜ ਡਕੈਤੀ ਦੇ ਕੇਸ ਵਿੱਚ ਵੀ ਪੁਲਿਸ ਨੂੰ ਲੋੜੀਂਦਾ ਸੀ, ਜਦੋਂਕਿ ਮੁਲਜ਼ਮ ਵਿਪਨਪ੍ਰੀਤ ਇਸ ਤੋਂ ਪਹਿਲਾਂ ਮਾਰਚ 2024 ਵਿੱਚ ਜਲੰਧਰ 'ਚ ਇੱਕ ਗਾਇਕ ਉੱਤੇ ਗੋਲੀਆਂ ਚਲਾਉਣ ਅਤੇ ਜਨਵਰੀ 2024 ਵਿੱਚ ਫਰੀਦਕੋਟ ਵਿਖੇ ਗੋਲੀਬਾਰੀ ਦੀ ਘਟਨਾ ਵਿੱਚ ਸ਼ਾਮਲ ਸੀ।

ਇਸ ਸਬੰਧੀ ਪੁਲਿਸ ਥਾਣਾ ਸਟੇਟ ਕ੍ਰਾਈਮ, ਐਸ.ਏ.ਐਸ.ਨਗਰ ਵਿਖੇ ਭਾਰਤੀ ਨਿਆ ਸੰਹਿਤਾ (ਬੀ.ਐਨ.ਐਸ.) ਦੀ ਧਾਰਾ 111 ਅਤੇ 3(5) ਅਤੇ ਅਸਲਾ ਐਕਟ ਦੀ ਧਾਰਾ 25(6)(7) ਤਹਿਤ ਐਫਆਈਆਰ ਨੰਬਰ 40 ਮਿਤੀ 15/12/2024 ਦਰਜ ਕੀਤੀ ਗਈ ਹੈ।

# ਜੀ.ਆਰ.ਡੀ. ਕਾਲਜ ਫਗਵਾੜਾ 'ਚ ਕਰਵਾਇਆ ਅੰਗਰੇਜ਼ੀ ਭਾਸ਼ਾ ਮੁਹਾਰਤ ਮੁਕਾਬਲਾ





ਫਗਵਾੜਾ (ਸੁਸ਼ੀਲ ਸ਼ਰਮਾ)- ਜੀ.ਆਰ.ਡੀ ਕੋ-ਐਜੂਕੇਸ਼ਨਲ ਕਾਲਜ ਫਗਵਾੜਾ ਵਿਖੇ ਅੰਗਰੇਜ਼ੀ ਭਾਸ਼ਾ ਦੀ ਮੁਹਾਰਤ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਕਾਲਜ ਦੇ 13 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੌਰਾਨ ਜੀ.ਆਰ.ਡੀ. ਐਜੂਕੇਸ਼ਨਲ ਟਰੱਸਟ ਦੇ ਸਕੱਤਰ ਤਾਰਾ ਚੰਦ ਚੁੰਬਰ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਉਨ੍ਹਾਂ ਆਪਣੇ ਸੰਬੋਧਨ ਵਿੱਚ ਸਮੂਹ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਅੰਗਰੇਜ਼ੀ ਦੁਨੀਆਂ ਵਿੱਚ ਸਭ ਤੋਂ ਵੱਧ ਬੋਲੀ ਜਾਣ ਵਾਲੀ ਭਾਸ਼ਾ ਹੈ, ਜਿਸ ਕਰਕੇ ਇਸ ਨੂੰ ਅੰਤਰਰਾਸ਼ਟਰੀ ਭਾਸ਼ਾ ਵਜੋਂ ਮਾਨਤਾ ਦਿੱਤੀ ਗਈ ਹੈ। ਅੰਗਰੇਜ਼ੀ ਭਾਸ਼ਾ ਦਾ ਗਿਆਨ ਭਾਰਤ ਦੇ ਹੋਰ ਰਾਜਾਂ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਵੀ ਕਰੀਅਰ ਬਣਾਉਣ ਦਾ ਰਾਹ ਖੋਲ੍ਹਦਾ ਹੈ। ਕਾਲਜ ਦੀ ਡਾਇਰੈਕਟਰ ਐਜੂਕੇਸ਼ਨ ਡਾ: ਨੀਲਮ ਸੇਠੀ ਨੇ ਦੱਸਿਆ ਕਿ ਇਹ ਮੁਕਾਬਲੇ ਅੰਗਰੇਜ਼ੀ ਭਾਸ਼ਾ ਦੇ ਲਿਖਣ, ਪੜ੍ਹਨ, ਸੁਣਨ ਅਤੇ ਬੋਲਣ ਸਮੇਤ ਚਾਰ ਭਾਗਾਂ ਵਿੱਚ ਕਰਵਾਏ ਗਏ ਸਨ। ਉਹਨਾਂ ਦੱਸਿਆ ਕਿ ਪਹਿਲਾ ਇਨਾਮ ਜੀ.ਆਰ.ਡੀ. ਪਬਲਿਕ ਸਕੂਲ ਦੀ ਵਿਦਿਆਰਥਣ ਅਮਾਨਤ ਨੂੰ ਦਿੱਤਾ ਗਿਆ। ਦੂਜਾ ਇਨਾਮ ਜੀ.ਆਰ.ਡੀ. ਕਾਲਜ ਦੀ ਪੂਨਮ ਅਤੇ ਤੀਜਾ ਇਨਾਮ 10+2 ਦੀ ਵਿਦਿਆਰਥਣ ਤਨਵੀ ਨੇ ਜਿੱਤਿਆ। ਗੁਰਜੋਤ ਅਤੇ ਜਸ਼ਨ ਨੂੰ ਵੀ ਵਿਸ਼ੇਸ਼ ਸਨਮਾਨਾਂ ਨਾਲ ਨਵਾਜਿਆ ਗਿਆ। ਜੇਤੂਆਂ ਦੀ ਚੋਣ ਲਈ ਮੁੱਖ ਬੁਲਾਰੇ ਮੈਡਮ ਅੰਜਲੀ ਮੌਜੂਦ ਸਨ। ਜੋ ਕਾਲਜ ਦੇ ਅੰਗਰੇਜ਼ੀ ਵਿਸ਼ੇ ਦੇ ਸਾਬਕਾ ਪ੍ਰੋਫੈਸਰ ਹਨ ਅਤੇ ਰੋਜ਼ਾਨਾ ਟ੍ਰਿਬਿਊਨ ਵਿੱਚ ਕਾਲਮਨਵੀਸ ਵੀ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੰਗਰੇਜ਼ੀ ਵਿਆਕਰਨ ਦੇ ਬੁਨਿਆਦੀ ਨਿਯਮਾਂ ਬਾਰੇ ਅਹਿਮ ਜਾਣਕਾਰੀ ਦਿੱਤੀ। ਅੰਤ ਵਿੱਚ ਕਾਲਜ ਪ੍ਰਿੰਸੀਪਲ ਗੁਰਜੀਤ ਕੌਰ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ।

# ਐਬੈਕਸ ਮੁਕਾਬਲੇ ਵਿਚ ਖਰੜ ਸੈਂਟਰ ਦੇ ਵਿਦਿਆਰਥੀ ਛਾਏ




ਖਰੜ (ਕਾਲਾ ਸਿੰਘ ਸੈਣੀ )-ਚੈਪੀਅਨਜ਼ ਨੈਸ਼ਨਲ ਅਤੇ ਇੰਟਰਨੈਸ਼ਨਲ ਪੱਧਰ ਦੇ ਐਬੈਕਸ ਮੁਕਾਬਲੇ ਕਰਵਾਏ ਗਏ ਜਿਸ ਵਿਚ ਵੱਖ ਵੱਖ ਖੇਤਰਾਂ ਤੋਂ ਐਬੈਕਸ ਵਿਚ ਮੁਕਾਬਲੇ ਵਿਚ ਵਿਦਿਆਰਥੀਆਂ ਵਲੋਂ ਭਾਗ ਲਿਆ ਗਿਆ। ਮੁਕਾਬਲਿਆਂ ਦੇ ਸਮਾਪਤੀ ਵਾਲੇ ਦਿਨ ਕਿਆਨ ਅਗਰਵਾਲ ਉੱਤਰੀ ਜੋਨ ਦੇ ਜੇਤੂ ਬਣੇ। ਐਸ.ਜੇ.ਐਸ.ਕਾਹਲੋਂ ਇਨਕਮ ਟੈਕਸ ਕਮਿਸ਼ਨ, ਗੁਰਦੀਪ ਸਿੰਘ ਗੋਸਲ, ਜਸਵੀਰ ਸਿੰਘ ਸੇਖੋਂ ਬੁਲਾਰਾ ਆਮ ਆਦਮੀ ਪਾਰਟੀ ਸ਼ਾਮਲ ਹੋਏ। ਇਸ ਸ਼ਾਨਦਾਰ ਇਨਾਮ ਵੰਡ ਸਮਾਰੋਹ ਵਿਚ ਐਪੈਕਸ ਸੈਂਟਰ ਖਰੜ ਦੇ ਸਹਿਜਪ੍ਰੀਤ ਸਿੰਘ ਅਤੇ ਹਰਨੂਰ ਸਿੰਘ ਰਾਸ਼ਟਰੀ ਜੇਤੂ ਬਣੇ। ਜਦਕਿ ਇਸਾਂਸ ਗੋਇਲ ਨੂੰ 2024 ਦਾ ਅੰਤਰਰਾਸ਼ਟਰੀ ਜੇਤੂ ਐਲਾਨਿਆ ਗਿਆ। ਸਮਾਰੋਹ ਦੇ ਮਹਿਮਾਨਾਂ ਵਲੋਂ ਸਾਂਝੇ ਤੌਰ ਤੇ ਜੇਤੂ ਖਿਡਾਰੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਅਤੇ ਮੁਬਾਰਕਵਾਦ ਦਿੱਤੀ। ਇਸ ਸਮਾਰੋਹ ਵਿਚ ਐਬੈਕਸ ਵਿਚ ਭਾਗ ਲੈਣ ਵਾਲੇ ਵਿਦਿਆਰਥੀ ਅਤੇ ਉਨਾਂ ਦੇ ਅਧਿਆਪਕ ਹਾਜ਼ਰ ਸਨ।

# ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਵਸ ਅਤੇ ਚਮਕੌਰ ਦੀ ਗੜ੍ਹੀ ਦੇ ਸ੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ 22 ਦਸੰਬਰ ਨੂੰ



ਫਗਵਾੜਾ ( ਸੁਸ਼ੀਲ ਸ਼ਰਮਾ ) ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ,ਸ.ਬਲਦੇਵ ਸਿੰਘ ਫਗਵਾੜਾ,ਸ. ਹਰਵਿੰਦਰ ਸਿੰਘ ਬਾਵਾ ਅਤੇ ਬਾਬਾ ਸੰਗਤ ਸਿੰਘ ਖਾਲਸਾ ਦਲ(ਰਜ਼ਿ)ਪੰਜਾਬ ਵਲੋਂ ਸਮੂਹ ਸਾਧ ਸੰਗਤ ਦੇ ਭਰਭੂਰ ਸਹਿਯੋਗ ਨਾਲ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਵਸ ਅਤੇ ਚਮਕੌਰ ਗੜ੍ਹੀ ਦੇ ਸ੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ 22 ਦਸੰਬਰ ਦਿਨ ਐਤਵਾਰ ਨੂੰ ਸਵੇਰੇ 9-00 ਵਜੇ ਤੋਂ ਰਾਤ 8-30 ਤੱਕ ਕਰਵਾਇਆ ਜਾ ਰਹਾ ਹੈ । ਸ. ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਨੇ ਦੱਸਿਆ ਇਸ ਸਮਾਗਮ ਵਿੱਚ ਭਾਈ ਸੁਖਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ,ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਸਾਹਿਬ , ਬਾਈ ਲਵਪ੍ਰੀਤ ਸਿੰਘ ਭੰਗੂ ਫਿਲੌਰ ਵਾਲੇ ,ਭਾਈ ਗੁਰਨਾਮ ਸਿੰਘ ਰਟੈਂਡਾ ਢਾਡੀ ਜਥਾ , ਭਾਈ ਸਮਸ਼ੇਰ ਸਿੰਘ,ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ,ਗਿਆਨੀ ਕੇਵਲ ਸਿੰਘ ਆਦਿ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ ।ਇਸ ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ । ਸਮਾਗਮ ਨੂੰ ਸਫਲ ਕਰਨ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਗਵਾ ਦਿੱਤੀਆਂ ਹਨ । ਇਲਾਕੇ ਦੀਆਂ ਸੰਗਤਾਂ ਵਿੱਚ ਸਮਾਗਮ ਲਈ ਭਾਰੀ ਉਤਸ਼ਾਹ ਹੈ ।ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

# ਜਗਜੀਤ ਸਿੰਘ ਡੱਲੇਵਾਲ ਦੇ ਹੱਕ ਵਿਚ ਕਿਸਾਨ ਯੂਨੀਅਨਾਂ ਵਲੋਂ ਰੇਲਵੇ ਸਟੇਸ਼ਨ ਖਰੜ ਵਿਖੇ ਦਿੱਤਾ ਰੋਸ ਧਰਨਾ



ਖਰੜ, ਕਾਲਾ ਸਿੰਘ ਸੈਣੀ) -ਭਾਰਤੀ ਕਿਸਾਨ ਯੂਨੀਅਨ ਏਕਤਾ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਵਲੋਂ ਖਨੌਰੀ ਬਾਰਡਰ ਤੇ ਕਿਸਾਨਾਂ ਦੀਆਂ ਮੰਗਾਂ ਅਤੇ ਐਮ.ਐਸ.ਪੀ.ਦੀ ਮੰਗ ਨੂੰ ਲੈ ਕੇ ਕੀਤੀ ਗਈ ਭੁੱਖ ਹੜਤਾਲ ਦੇ ਹੱਕ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ ਅਤੇ ਹੋਰ ਜਥੇਬੰਦੀਆਂ ਵਲੋਂ ਅੱਜ 12 ਤੋਂ 3 ਵਜੇ ਤੱਕ ਰੇਲਾਂ ਰੋਕੋ ਦੇ ਦਿੱਤੇ ਸੱਦੇ ਤੇ ਸੰਯੁਕਤ ਕਿਸਾਨ ਮੋਰਚੇ ਨਾਲ ਜੁੜੀਆਂ ਹੋਈਆਂ ਕਿਸਾਨ ਯੂਨੀਅਨ ਵਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਸਮੇਤ ਹੋਰ ਕਿਸਾਨ ਮਜ਼ਦੂਰ ਜਥੇਬੰਦੀਆਂ ਵਲੋਂ ਅੱਜ ਰੇਲਵੇ ਸਟੇਸ਼ਨ ਖਰੜ ਵਿਖੇ 12 ਤੋਂ 3 ਵਜੇ ਤੱਕ ਰੋਸ ਧਰਨਾ ਦਿੱਤਾ ਗਿਆ ਹੈ। ਇਸ ਰੋਸ ਧਰਨੇ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਕਿਸਾਨ ਯੂਨੀਅਨ ਕਾਦੀਆਂ, ਕਿਸਾਨ ਯੂਨੀਅਨ ਖੋਸਾ, ਸ਼ੇਰੇ ਪੰਜਾਬ ਕਿਸਾਨ ਯੂਨੀਅਨ, ਲੋਕ ਹਿੱਤ ਮਾਜਰੀ, ਜਨ ਹਿਤ ਵਿਕਾਸ ਕਮੇਟੀ ਖਰੜ, ਭਾਰਤੀ ਕਿਸਾਨ ਯੂਨੀਅਨ ਤੋਤੇਵਾਲ, ਕਿਸਾਨ ਯੂਨੀਅਨ ਚੜੂਨੀ ਸਮੇਤ ਹੋਰ ਜਥੇਦੀਆਂ ਦੇ ਆਗੂਆਂ ਵਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਗਈ। ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰੈਸ ਸਕੱਤਰ ਮੇਹਰ ਸਿੰਘ ਥੇੜੀ ਨੇ ਕਿਹਾ ਕਿ ਯੂਨੀਅਨ ਦਾ ਅੱਜ ਦਾ ਪ੍ਰੋਗਰਾਮ ਸਫਲ ਰਿਹਾ ਅਤੇ ਖਰੜ ਇਲਾਕੇ ਦੇ ਕਿਸਾਨਾਂ ਵਲੋਂ ਰੇਲਵੇ ਸਟੇਸ਼ਨ ਖਰੜ ਵਿਖੇ ਵੱਡੀ ਗਿਣਤੀ ਵਿਚ ਆਗੂਆਂ ਨੇ ਪਹੁੰਚ ਕੇ ਹਾਜ਼ਰੀ ਲਗਵਾਈ। ਉਨਾਂ ਸਮੂਹ ਜਥੇਬੰਦੀਆਂ ਦੇ ਆਗੂਆਂ, ਇਲਾਕੇ ਦੇ ਕਿਸਾਨਾਂ ਅਤੇ ਸਮਰੱਥਕਾਂ ਦਾ ਵਿਸੇਸ ਤੌਰ ਤੇ ਧੰਨਵਾਦ ਕੀਤਾ। ਉਨਾਂ ਅਗਲੇ ਸੰਘਰਸ਼ ਲਈ ਜੋ ਵੀ ਸੂਚਨਾ ਮਿਲੇਗੀ ਉਹ ਇਲਾਕਾ ਨਿਵਾਸੀਆਂ ਨੂੰ ਸੂਚਿਤ ਕੀਤਾ ਜਾਵੇਗਾ। ਰੋਸ ਧਰਨੇ ਨੂੰ ਲੈ ਕੇ ਸਥਾਨਕ ਪੁਲਿਸ ਅਤੇ ਰੇਲਵੇ ਪੁਲਿਸ ਵਲੋਂ ਪ੍ਰਬੰਧ ਕੀਤੇ ਹੋਏ ਸਨ,

# ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਵਲੋਂ ਖਰੜ ਤੋਂ ਸ੍ਰੀ ਚਮਕੌਰ ਸਾਹਿਬ ਤੱਕ ਵਿਸੇਸ ਨਗਰ ਕੀਰਤਨ 20 ਨੂੰ ਸਜਾਇਆ ਜਾਵੇਗਾ

ਖਰੜ, ( ਕਾਲਾ ਸਿੰਘ ਸੈਣੀ )-ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਖਰੜ ਵਲੋਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਅਤੇ 40 ਸਿੰਘਾਂ ਦੀ ਸ਼ਹਾਦਤ ਨੂੰ ਸਰਮਪਿਤ ਖਰੜ ਤੋਂ ਸ੍ਰੀ ਚਮਕੌਰ ਸਾਹਿਬ ਤੱਕ 20 ਦਸੰਬਰ ਨੂੰ ਵਿਸ਼ੇਸ਼ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ। ਤਾਲਮੇਲ ਕਮੇਟੀ ਵਲੋਂ ਦਿੱਤੀ ਗਈ ਸੂਚਨਾ ਅਨੁਸਾਰ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਨਗਰ ਖਰੜ ਤੋਂ ਅਰਦਾਸ ਕਰਨ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਵੇਰੇ 9 ਵਜੇ ਆਰੰਭ ਹੋਵੇਗਾ। ਇਥੋ ਚੱਲ ਕੇ ਗੁਰਦੁਆਰਾ ਗੋਬਿੰਦ ਸਿੰਘ ਦਸਮੇਸ਼ ਨਗਰ, ਬੱਸ ਅੱਡਾ, ਖਾਨਪੁਰ, ਭਾਗੂਮਾਜਰਾ ਰੁੜਕੀ ਪੁਖਤਾ, ਘੜੂੰਆਂ,ਮੋਰਿੰਡਾ, ਕਾਜਲਾਂ, ਕੁਲਾਰਾਂ, ਸਰਹਾਣਾ, ਚੱਕਲਾਂ, ਰਾਮਗੜ, ਲੁਠੇੜੀ, ਰੁੜਕੀ, ਪਿੱਪਲਮਾਜਰਾ ਨੂੰ ਹੁੰਦਾ ਹੋਇਆ ਗੁਰਦੁਆਰਾ ਕਤਲਗੜ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਸਮਾਪਤੀ ਹੋਵੇਗੀ। ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਵਲੋਂ ਖਰੜ ਨਿਵਾਸੀਆਂ ਨੂੰ ਗੁਰਦੁਆਰਾ ਕਮੇਟੀਆਂ, ਸੰਗਤਾਂ, ਸਰਧਾਲੂਆਂ ਨੂੰ ਬੇ✚ਕੀਤੀ ਗਈ ਹੈ ਕਿ ਇਸ ਨਗਰ ਕੀਰਤਨ ਵਿਚ ਆਪਣੀਆਂ ਗੱਡੀਆਂ ਅਤੇ ਗੁਰੂ ਦੇ ਬਖਸ਼ੇ ਹੋਏ ਸਾਧਨਾ ਦੁਆਰਾ ਨਗਰ ਕੀਰਤਨ ਵਿਚ ਸ਼ਾਮਲ ਹੋਵੋ।

# ਪੰਜਾਬ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਮਾਰੂ ਨੀਤੀਆਂ ਦੇ ਖਿਲਾਫ ਸਾਂਝਾ ਫਰੰਟ ਦੇ ਆਗੂਆਂ ਵੱਲੋਂ 03 ਜਨਵਰੀ ਨੂੰ ਮਾਣਯੋਗ ਗਵਰਨਰ ਪੰਜਾਬ ਨੂੰ ਮਿਲਣ ਦਾ ਫੈਸਲਾ



ਜਲੰਧਰ ( ਸੁਸ਼ੀਲ ਸ਼ਰਮਾ ) ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਆਨਲਾਈਨ ਵਰਚੁਅਲ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਰਤਨ ਸਿੰਘ ਮਜਾਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ , ਸਵਿੰਦਰਪਾਲ ਸਿੰਘ ਮੋਲੋਵਾਲੀ, ਜਰਮਨਜੀਤ ਸਿੰਘ, ਰਣਜੀਤ ਸਿੰਘ ਰਾਣਵਾ, ਗਗਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗੰਡੀਵਿੰਡ , ਬਾਜ ਸਿੰਘ ਖਹਿਰਾ, ਸੁਖਦੇਵ ਸਿੰਘ ਸੈਣੀ, ਐਨ. ਕੇ. ਕਲਸੀ, ਸੁਰਿੰਦਰ ਰਾਮ ਕੁੱਸਾ, ਕੁਲਵਰਨ ਸਿੰਘ, ਰਾਧੇ ਸ਼ਾਮ , ਜਸਵੀਰ ਸਿੰਘ ਤਲਵਾੜਾ, ਜਗਦੀਸ਼ ਸਿੰਘ ਚਾਹਲ, ਬੋਬਿੰਦਰ ਸਿੰਘ ਨੇ ਆਖਿਆ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਦਾ ਪੰਜਾਬ ਸਰਕਾਰ ਵੱਲੋਂ ਕੋਈ ਹੱਲ ਨਹੀਂ ਕੀਤਾ ਜਾ ਰਿਹਾ ਸਗੋਂ ਸਾਂਝਾ ਫਰੰਟ ਨੂੰ ਵਾਰ-ਵਾਰ ਮੁੱਖ ਮੰਤਰੀ ਵੱਲੋਂ ਮੀਟਿੰਗ ਦੇ ਕੇ ਮੁਲਤਵੀ ਕੀਤਾ ਜਾ ਰਿਹਾ ਹੈ, ਜਿਸ ਕਰਕੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਾਂ ਅੰਦਰ ਪੰਜਾਬ ਸਰਕਾਰ ਪ੍ਰਤੀ ਭਾਰੀ ਗੁੱਸਾ ਹੈ। ਆਗੂਆਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਅਪਣਾਈ ਜਾ ਰਹੀ ਨੀਤੀ ਅੱਜ ਤੱਕ ਬਣੀਆਂ ਨੀਤੀਆਂ ਨਾਲੋਂ ਬਹੁਤ ਘਟੀਆ ਨੀਤੀ ਹੈ , ਇਹ ਨੀਤੀ ਸਿਰਫ ਤੇ ਸਿਰਫ 58 ਸਾਲ ਤੱਕ ਸੇਵਾ ਕਰਨ ਦੀ ਹੀ ਗਰੰਟੀ ਦਿੰਦੀ ਹੈ ਅਤੇ ਹੋਰ ਕੋਈ ਵੀ ਪੱਕੇ ਮੁਲਾਜ਼ਮਾਂ ਵਾਲਾ ਲਾਭ ਨਹੀਂ , ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਆਪਣੇ ਵਾਅਦੇ ਤੋਂ ਹੁਣ ਭੱਜ ਕੇ ਹੁਣ ਇਸਨੂੰ ਕੇਂਦਰ ਸਰਕਾਰ ਨਾਲ ਨੂੜਿਆ ਜਾ ਰਿਹਾ ਹੈ, ਤਨਖਾਹ ਕਮਿਸ਼ਨ ਦੇ 05 ਸਾਲ 06 ਮਹੀਨੇ ਦੇ ਬਕਾਏ ਦੇਣ ਤੋਂ ਸਰਕਾਰ ਮਾਨਯੋਗ ਉੱਚ ਅਦਾਲਤ ਵਿੱਚ ਵੀ ਭੱਜ ਰਹੀ ਹੈ, ਅੱਜ 08 ਸਾਲ ਬੀਤਣ ਤੋਂ ਬਾਅਦ ਵੀ ਤਨਖਾਹ ਕਮਿਸ਼ਨ ਦਾ ਦੂਜਾ ਹਿੱਸਾ ਜਿਸ ਦੇ ਤਹਿਤ ਪ੍ਰਵੀਨਤਾ ਤਰੱਕੀ ਅਤੇ ਹੋਰ ਲਾਭ ਮਿਲਣੇ ਹਨ ਜਾਰੀ ਕਰਨ ਵਾਸਤੇ ਤਿਆਰ ਨਹੀਂ, ਕੇਂਦਰ ਨਾਲੋਂ 11 ਪ੍ਰਤੀਸ਼ਤ ਮਹਿਗਾਈ ਭੱਤਾ ਘੱਟ ਦੇ ਕੇ ਇਸ ਨੂੰ ਡੀ-ਲਿੰਕ ਕੀਤਾ ਜਾ ਰਿਹਾ ਹੈ ਅਤੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਦੱਬੀ ਬੈਠੀ ਹੈ, ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਦੇ ਬਾਵਜੂਦ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਨਹੀਂ ਕੀਤੀ ਜਾ ਰਹੀ ਅਤੇ 01.01.2016 ਨੂੰ ਤਨਖਾਹ ਤੇ ਪੈਨਸ਼ਨ ਫ਼ਿਕਸ ਕਰਨ ਸਮੇਂ ਬਣਦੇ 125% ਮਹਿੰਗਾਈ ਭੱਤੇ ਨੂੰ ਆਧਾਰ ਨਹੀਂ ਮੰਨਿਆ ਜਾ ਰਿਹਾ, ਮੁਲਾਜ਼ਮਾਂ ਨੂੰ ਮਿਲ ਰਹੇ ਪੇਂਡੂ ਭੱਤੇ ਸਮੇਤ ਸਮੁੱਚੇ ਭੱਤੇ ਸੋਧਣ ਦੇ ਨਾਂ ਤੇ ਬੰਦ ਕਰਕੇ ਰੱਖ ਦਿੱਤੇ ਹਨ , ਮਿਡ-ਡੇ-ਮੀਲ ਕੁਕ ਵਰਕਰ, ਆਸ਼ਾ ਵਰਕਰ ਤੇ ਫੈਸਿਲੀਟੇਟਰ ਅਤੇ ਆਂਗਣਵਾੜੀ ਵਰਕਰ ਤੇ ਹੈਲਪਰਾਂ ਦੇ ਮਾਣ ਭੱਤੇ ਦੁਗਣੇ ਕਰਨ ਦੇ ਆਪਣੇ ਵਾਅਦੇ ਤੋਂ ਭੱਜ ਚੁੱਕੀ ਹੈ ਅਤੇ ਨਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਆਊਟਸੋਰਸ, ਇਨਲਿਸਟਮੈਂਟ ਅਤੇ ਕੇਂਦਰੀ ਸਕੀਮਾਂ ਤਹਿਤ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਪ੍ਰੋਵੇਸ਼ਨਲ ਪੀਰੀਅਡ ਦੇ ਨਾਂ ਤੇ ਮੁਢਲੀ ਤਨਖਾਹ ਦੇ ਕੇ ਤਿੰਨ ਸਾਲ ਮੁਲਾਜ਼ਮਾ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ ਅਤੇ ਕੁਝ ਦੇਣ ਦੀ ਥਾਂ ਤੇ ਉਲਟਾ ਵਿਕਾਸ ਦੇ ਨਾਂ ਤੇ 200 ਰੁਪਏ ਜਜੀਆ ਪਹਿਲਾਂ ਮੁਲਾਜ਼ਮਾਂ ਅਤੇ ਹੁਣ ਪੈਨਸ਼ਨਰਾ ਤੋਂ ਵੀ ਵਸੂਲਿਆ ਜਾ ਰਿਹਾ ਹੈ। ਆਗੂਆਂ ਪੰਜਾਬ ਸਰਕਾਰ ਤੇ ਇਹ ਵੀ ਦੋਸ਼ ਲਾਇਆ ਕਿ ਸਰਕਾਰ ਸ਼ਾਂਤਮਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਤੇ ਨਜਾਇਜ਼ ਪਰਚੇ ਦਰਜ ਕਰ ਰਹੀ ਹੈ। ਸਾਂਝਾ ਫਰੰਟ ਦੇ ਆਗੂਆਂ ਆਖਿਆ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਅਤੇ ਪੰਜਾਬ ਸਰਕਾਰ ਅਮਨ ਪੂਰਵਕ ਸੰਘਰਸ਼ ਕਰ ਰਹੇ ਮੁਲਾਜ਼ਮਾ ਪੈਨਸ਼ਨਰਾਂ ਤੇ ਥਾਂ-ਥਾਂ ਦਰਜ ਕੀਤੇ ਜਾ ਰਹੇ ਪੁਲਿਸ ਪਰਚਿਆਂ ਦੀ ਇਸ ਦਮਨਕਾਰੀ ਨੀਤੀ ਦੇ ਖਿਲਾਫ 03 ਜਨਵਰੀ ਨੂੰ ਮਾਨਯੋਗ ਗਵਰਨਰ ਪੰਜਾਬ ਨੂੰ ਅਤੇ ਚੰਡੀਗੜ੍ਹ ਪੁਲਿਸ ਕੇਸਾਂ ਸਬੰਧੀ ਡਿਪਟੀ ਕਮਿਸ਼ਨਰ ਅਤੇ ਸੀਨੀਅਰ ਪੁਲਿਸ ਕਪਤਾਨ ਚੰਡੀਗੜ੍ਹ ਨੂੰ ਵੀ ਮਿਲਿਆ ਜਾਵੇਗਾ । ਸਾਂਝਾ ਫਰੰਟ ਵੱਲੋਂ ਮੀਟਿੰਗ ਦੌਰਾਨ ਇੱਕ ਵਿਸ਼ੇਸ਼ ਮਤੇ ਰਾਹੀਂ ਕੰਪਿਊਟਰ ਅਧਿਆਪਕਾਂ ਦੇ ਚੱਲ ਰਹੇ ਸੰਘਰਸ਼ ਦੀ ਹਮਾਇਤ ਕੀਤੀ ਅਤੇ ਸਰਬ ਸਿੱਖਿਆ ਅਭਿਆਨ / ਮਿਡ-ਡੇ-ਮੀਲ ਦਫਤਰੀ ਕਰਮਚਾਰੀ ਯੂਨੀਅਨ ਦੀ ਹੜਤਾਲ ਦਾ ਪੂਰਨ ਸਮਰਥਨ ਕੀਤਾ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਜਾ ਰਹੇ ਧਮਕੀ ਭਰੇ ਪਤਰਾਂ ਦੀ ਪੁਰਜ਼ੋਰ ਨਿਖੇਦੀ ਕੀਤੀ । ਸਾਂਝਾ ਫਰੰਟ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮਜ਼ਦੂਰ, ਕਿਸਾਨ, ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਸਰਕਾਰ ਨੂੰ 21 ਦਸੰਬਰ ਨੂੰ ਲੋਕਲ ਬਾਡੀ ਵਿਭਾਗ ਅਧੀਨ ਨਗਰ ਨਿਗਮ ਅਤੇ ਨਗਰ ਪੰਚਾਇਤਾਂ ਦੀਆਂ ਹੋ ਰਹੀਆਂ ਚੋਣਾਂ ਵਿੱਚ ਸਬਕ ਸਿਖਾਇਆ ਜਾਵੇ। ਆਗੂਆਂ ਐਲਾਨ ਕੀਤਾ ਕਿ ਸਾਂਝਾ ਫਰੰਟ ਤੋਂ ਬਾਹਰ ਰਹਿ ਰਹੀਆਂ ਧਿਰਾਂ ਵਿਸ਼ੇਸ਼ ਤੌਰ ਤੇ ਸਿਵਲ ਸਕੱਤਰੇਤ , ਸਾਂਝਾ ਮੰਚ, ਪੀਐਸਐਮਐਸਯੂ, ਡੀ.ਸੀ. ਦਫਤਰ ਯੂਨੀਅਨ, ਸਮੁੱਚੇ ਡਾਇਰੈਕਟੋਰੇਟ , ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਜਥੇਬੰਦੀਆਂ, ਆਂਗਣਵਾੜੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ , ਰੇਵਿਨਿਊ ਪਟਵਾਰ ਤੇ ਕਾਨੂੰਗੋ ਅਸੋਸੀਏਸ਼ਨ ਅਤੇ ਹੋਰ ਸਮੁੱਚੀਆਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੜਨ ਵਾਲੀਆਂ ਧਿਰਾਂ ਨੂੰ ਨਾਲ ਲੈ ਕੇ 18 ਜਨਵਰੀ ਨੂੰ ਲੁਧਿਆਣਾ ਵਿਖੇ ਇੱਕ ਵੱਡੀ ਮੀਟਿੰਗ ਕਰਕੇ ਵੱਡੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਹਰਦੀਪ ਸਿੰਘ ਟੋਡਰਪੁਰ ,ਤੀਰਥ ਸਿੰਘ ਬਾਸੀ, ਐਨ.ਡੀ.ਤਿਵਾੜੀ , ਸੁਖਵਿੰਦਰ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਗੁਰਦੀਪ ਸਿੰਘ ਬਾਜਵਾ ਅਤੇ ਧਨਵੰਤ ਸਿੰਘ ਭੱਠਲ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਡਿਪਟੀ ਕਮਿਸ਼ਨਰ ਨੇ ਟੀ ਬੀ ਦੇ ਖਾਤਮੇ ਲਈ ਟਾਸਕ ਫੋਰਸ ਕੀਤੀ ਗਠਿਤ



ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਜਿਲ੍ਹੇ ਵਿੱਚ ਟੀ ਬੀ ਦੇ ਖਾਤਮੇ ਲਈ ਟਾਸਕ ਫੋਰਸ ਦਾ ਗਠਨ ਕਰਦੇ ਹੋਏ ਹਦਾਇਤ ਕੀਤੀ ਕਿ ਹਰੇਕ ਮਰੀਜ਼ ਦਾ ਰਿਕਾਰਡ ਰੱਖਿਆ ਜਾਵੇ ਅਤੇ ਹਰੇਕ ਲੋੜਵੰਦ ਮਰੀਜ਼ ਨੂੰ ਮਾਹਿਰਾਂ ਦੀ ਸਲਾਹ ਅਨੁਸਾਰ ਸਹੀ ਖ਼ੁਰਾਕ ਦਿੱਤੀ ਜਾਵੇ। ਅਯੋਜਿਤ ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਜੋ ਮਰੀਜ਼ ਆਰਥਿਕ ਤੌਰ ਉਤੇ ਅਸਮਰੱਥ ਹੋਣ ਕਾਰਨ ਸਹੀ ਖ਼ੁਰਾਕ ਨਹੀਂ ਲੈ ਰਹੇ, ਉਹਨਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਵਪਾਰਕ ਅਦਾਰਿਆਂ, ਰੈਡ ਕਰਾਸ, ਧਾਰਮਿਕ ਸੰਸਥਾਵਾਂ ਅਤੇ ਦਾਨੀ ਪੁਰਸ਼ਾਂ ਦੇ ਸਹਿਯੋਗ ਨਾਲ ਹਰ ਮਹੀਨੇ ਖ਼ੁਰਾਕ ਮੁਹਈਆ ਕਰਵਾਈ ਜਾਵੇ। ਡਿਪਟੀ ਕਮਿਸ਼ਨਰ ਨੇ ਇਸ ਲਈ ਸਾਰੇ ਸਰਕਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਸਹਿਯੋਗ ਵੀ ਲੈਣ ਦੀ ਹਦਾਇਤ ਕੀਤੀ ਅਤੇ ਉਨਾਂ ਖੁਦ ਵੀ ਆਪਣੇ ਵੱਲੋਂ ਕਈ ਮਰੀਜ਼ ਖ਼ੁਰਾਕ ਲਈ ਅਡਾਪਟ ਕਰਨ ਦੀ ਪੇਸ਼ਕਸ਼ ਕੀਤੀ।

ਸਾਹਨੀ ਨੇ ਕਿਹਾ ਕਿ ਜ਼ਿਲ੍ਹੇ ਵਿੱਚੋਂ ਟੀ ਬੀ ਨੂੰ ਖਤਮ ਕਰਨ ਵਾਲਾ ਅੰਮ੍ਰਿਤਸਰ ਪਹਿਲਾ ਜ਼ਿਲ੍ਹਾ ਦੇਸ਼ ਭਰ ਵਿੱਚ ਹੋਣਾ ਚਾਹੀਦਾ ਹੈ ਅਤੇ ਇਸ ਲਈ ਜੋ ਵੀ ਸਮਾਂ, ਸਾਧਨ, ਪੈਸਾ ਅਤੇ ਐਨਰਜੀ ਲਗਾਉਣ ਦੀ ਲੋੜ ਹੋਈ ਅਸੀਂ ਲਗਾਵਾਂਗੇ। ਉਹਨਾਂ ਜ਼ਿਲੇ ਵਿੱਚ ਮੌਜੂਦ 5 ਹਜਾਰ ਤੋਂ ਵੱਧ ਮਰੀਜ਼ਾਂ ਦੀ ਰਹਾਇਸ਼ ਅਨੁਸਾਰ ਮੈਪਿੰਗ ਕਰਨ ਦੀ ਹਦਾਇਤ ਵੀ ਕੀਤੀ ਤਾਂ ਜੋ ਉਹਨਾਂ ਦੇ ਇਲਾਕਿਆਂ ਨੂੰ ਧਿਆਨ ਵਿੱਚ ਰੱਖ ਕੇ ਆਸ਼ਾ ਵਰਕਰ ਜਾਂ ਹੋਰ ਕਰਮਚਾਰੀਆਂ ਦੀ ਡਿਊਟੀ ਅਜਿਹੇ ਮਰੀਜ਼ਾਂ ਦੀ ਦਵਾਈ ਅਤੇ ਖ਼ੁਰਾਕ ਮੁਹਈਆ ਕਰਵਾਉਣ ਲਈ ਲਗਾਈ ਜਾ ਸਕੇ। ਉਹਨਾਂ ਕਿਹਾ ਕਿ ਅਜਿਹੀ ਪ੍ਰਣਾਲੀ ਅਤੇ ਸਾਧਨ ਕਾਇਮ ਕੀਤੇ ਜਾਣ ਕਿ ਹਰੇਕ ਮਰੀਜ਼ ਨੂੰ ਰੋਜਾਨਾ ਦਵਾਈ ਲੈਣ ਲਈ ਮੋਬਾਇਲ ਉੱਤੇ ਦੋ ਵਾਰ ਮੈਸੇਜ ਜਾਵੇ ਅਤੇ ਇਸ ਤੋਂ ਇਲਾਵਾ ਜਦੋਂ ਉਸ ਦੀ ਖ਼ੁਰਾਕ ਜਾਂ ਦਵਾਈ ਮੁੱਕਦੀ ਹੈ ਤਾਂ ਉਸ ਨੂੰ ਹੈਲਪਲਾਈਨ ਨੰਬਰ ਦਿੱਤਾ ਜਾਵੇ ਜੋ ਕਿ ਫੋਨ ਕਰਕੇ ਸਹਾਇਤਾ ਲੈ ਸਕੇ। ਉਨਾਂ ਨੇ ਇਸ ਲਈ ਜੇਲ ਵਿੱਚ ਬੰਦ ਕੈਦੀਆਂ ਵਿੱਚੋਂ ਵੀ ਟੀ ਬੀ ਦੇ ਮਰੀਜ਼ਾਂ ਦੀ ਸ਼ਨਾਖਤ ਕਰਨ ਅਤੇ ਉਹਨਾਂ ਦਾ ਇਲਾਜ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

ਮੀਟਿੰਗ ਵਿੱਚ ਸਹਾਇਕ ਕਮਿਸ਼ਨਰ ਸੋਨਮ, ਸਿਵਲ ਸਰਜਨ ਕਿਰਨਦੀਪ ਕੌਰ, ਕੇਂਦਰੀ ਜੇਲ ਦੇ ਸੁਪਰਡੈਂਟ ਹੇਮੰਤ ਸ਼ਰਮਾ, ਜੀ ਐਮ ਇੰਡਸਟਰੀ ਮਾਨਵਪ੍ਰੀਤ ਸਿੰਘ, ਡਿਪਟੀ ਮੈਡੀਕਲ ਸੁਪਰਡੈਂਟ ਡਾ.ਪੀ ਐਸ ਗਰੋਵਰ, ਟੀ ਬੀ ਅਫਸਰ ਡਾ ਵਿਜੇ, ਡਾ ਗੁਨੀਤ, ਵਿਸ਼ਵ ਬੈਂਕ ਦੇ ਸਲਾਹਕਾਰ ਡਾ ਪ੍ਰੀਤੋਸ਼ ਧਵਨ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਨੈਤਿਕ ਗੁਣਾਂ ਤੋਂ ਬਿਨਾਂ ਇਨਸਾਨ ਅਧੂਰਾ : ਅਜੈਬ ਸਿੰਘ ਚੱਠਾ



ਫਗਵਾੜਾ, ( ਸੁਸ਼ੀਲ ਸ਼ਰਮਾ) ਪ੍ਰਸਿੱਧ ਸਮਾਜ ਸੇਵੀ, ਕਨੂੰਨਦਾਨ ਅਤੇ ਸਾਹਿਤ ਪ੍ਰੇਮੀ ਕੈਨੇਡਾ ਵਾਸੀ ਅਜੈਬ ਸਿੰਘ ਚੱਠਾ ਨੇ ਪੰਜਾਬੀ ਲੇਖਕਾਂ ਅਤੇ ਚਿੰਤਕਾਂ ਨਾਲ਼ ਹਰਗੋਬਿੰਦ ਨਗਰ ਫਗਵਾੜਾ ਵਿਖੇ ਹੋਈ ਮੀਟਿੰਗ ਵਿੱਚ ਕਿਹਾ ਕਿ ਉਹ ਨੈਤਿਕਤਾ ਨੂੰ ਸਮਰਪਿਤ ਹਨ ਅਤੇ ਸਮਝਦੇ ਹਨ ਕਿ ਨੈਤਿਕ ਗੁਣਾਂ ਤੋਂ ਬਿਨਾਂ ਇਨਸਾਨ ਅਧੂਰਾ ਹੈ ਅਤੇ ਨੈਤਿਕਤਾ ਨੂੰ ਅਪਣਾ ਕੇ ਹੀ ਸਮਾਜ ਵਿੱਚੋਂ ਭ੍ਰਿਸ਼ਟਾਚਾਰ ਅਤੇ ਬੁਰਾਈਆਂ ਨੂੰ ਜੜ੍ਹੋਂ ਪੁੱਟਿਆ ਜਾ ਸਕਦਾ ਹੈ। ਅਜੋਕੀ ਪੀੜ੍ਹੀ ਨੂੰ ਸਹੀ ਦਿਸ਼ਾ ਅਤੇ ਸੇਧ ਦੇਣ ਵਿਚ ਅਧਿਆਪਕ ਵੱਡਾ ਯੋਗਦਾਨ ਪਾ ਸਕਦੇ ਹਨ।ਇਸ ਲਈ ਉਹਨਾਂ ਨੇ ਪੰਜਾਬ ਵਿੱਚ ਅਧਿਆਪਕਾਂ ਨੂੰ ਜਾਗਰੂਕ ਕਰਨ ਲਈ ਮੁਹਿੰਮ ਵਿੱਢੀ ਹੈ। ਉਹ ਹੁਣ ਤੱਕ ਦੋ ਅਧਿਆਪਕ ਸਿਖਲਾਈ ਵਰਕਸ਼ਾਪ ਲਗਾ ਚੁੱਕੇ ਹਨ। ਪ੍ਰਿੰ. ਗੁਰਮੀਤ ਸਿੰਘ ਪਲਾਹੀ ਦੇ ਸੁਝਾਅ ਉੱਤੇ ਉਹਨਾਂ 25 ਦਸੰਬਰ 2024 ਨੂੰ ਇੱਕ ਰੋਜ਼ਾ ਅਧਿਆਪਕ ਸਿਖਲਾਈ ਵਰਕਸ਼ਾਪ ਹਰਗੋਬਿੰਦ ਨਗਰ ਫਗਵਾੜਾ ਵਿਖੇ ਲਗਾਉਣ ਲਈ ਸਹਿਮਤੀ ਦਿੱਤੀ। ਇਸ ਵਰਕਸ਼ਾਪ ਵਿੱਚ ਪੰਜਾਹ ਦੇ ਕਰੀਬ ਅਧਿਆਪਕਾਂ ਨੂੰ ਭਾਸ਼ਣ ਕਲਾ, ਨੈਤਿਕਤਾ,ਪੜ੍ਹਾਉਣ ਵਾਲ਼ਾ ਮਾਹੌਲ ਸਿਰਜਣਾ,ਜ਼ਿੰਦਗੀ ਜਿਊਣ ਦੇ ਜ਼ਰੂਰੀ ਹੁਨਰ ਅਤੇ ਪੰਜਾਬੀ ਭਾਸ਼ਾ ਵਿਸ਼ਿਆਂ ਬਾਰੇ ਸਿਖਲਾਈ ਦਿੱਤੀ ਜਾਵੇਗੀ। ਉਹਨਾਂ ਨਾਲ਼ ਪ੍ਰਸਿੱਧ ਕਵੀ ਕਰਨ ਅਜੈਬ ਸਿੰਘ ਸੰਘਾ ਵੀ ਹਾਜ਼ਰ ਸਨ।ਮੀਟਿੰਗ ਵਿੱਚ ਪ੍ਰਿੰ. ਗੁਰਮੀਤ ਸਿੰਘ ਪਲਾਹੀ,ਪਰਵਿੰਦਰ ਜੀਤ ਸਿੰਘ,ਬਲਦੇਵ ਰਾਜ ਕੋਮਲ,ਸੁਖਵਿੰਦਰ ਸਿੰਘ,ਕੁਲਵੰਤ ਸਿੰਘ ਭਿੰਡਰ,ਕਮਲੇਸ਼ ਸੰਧੂ ,ਰਵਿੰਦਰ ਸਿੰਘ ਰਾਏ ਨੇ ਸ਼ਿਰਕਤ ਕੀਤੀ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# IIT ਵਿਦਿਆਰਥੀ ਦੇ ਜਿਨਸੀ ਸ਼ੋਸ਼ਣ ਦੇ ਦੋਸ਼ੀ ਕਾਨਪੁਰ ਦੇ ACP ਅੱਜ ਹਾਈਕੋਰਟ ਪਹੁੰਚੇ, ਸੁਣਵਾਈ



ਕਾਨਪੁਰ (ਸੁਨੀਲ ਬਾਜਪਾਈ) ਏ.ਸੀ.ਪੀ. ਮੋਹਸਿਨ ਖਾਨ, ਜੋ ਕਿ ਇੱਥੋਂ ਦੇ ਬਹੁਤ ਹੀ ਮਸ਼ਹੂਰ ਆਈਆਈਟੀ ਵਿਦਿਆਰਥੀ ਹਨ ਅਤੇ ਛੇੜਖਾਨੀ ਦੇ ਦੋਸ਼ੀ ਹਨ, ਆਪਣੇ ਖਿਲਾਫ ਦਰਜ ਐਫਆਈਆਰ ਨੂੰ ਰੱਦ ਕਰਵਾਉਣ ਲਈ ਹਾਈਕੋਰਟ ਪਹੁੰਚ ਗਏ ਹਨ। ਉਨ੍ਹਾਂ ਵੱਲੋਂ ਦਾਇਰ ਪਟੀਸ਼ਨ 'ਤੇ ਹਾਈ ਕੋਰਟ ਅੱਜ 19 ਦਸੰਬਰ ਨੂੰ ਸੁਣਵਾਈ ਕਰੇਗਾ।

ਇਸ ਦੇ ਨਾਲ ਹੀ ਇਹ ਵੀ ਦੱਸ ਦੇਈਏ ਕਿ ਵਿਦਿਆਰਥੀ ਨੇ ਇਸ ਪਟੀਸ਼ਨ ਦਾਇਰ ਕਰਨ ਤੋਂ ਇੱਕ ਦਿਨ ਪਹਿਲਾਂ ਅਦਾਲਤ ਵਿੱਚ ਆਪਣਾ ਬਿਆਨ ਦਰਜ ਕਰਵਾਇਆ ਸੀ, ਬਿਆਨ ਵਿੱਚ ਉਸਨੇ ਐਫਆਈਆਰ ਵਿੱਚ ਲਿਖੇ ਕਿਸੇ ਵੀ ਤੱਥ ਤੋਂ ਇਨਕਾਰ ਨਹੀਂ ਕੀਤਾ ਹੈ।

ਇਸ ਬਾਰੇ ਕਾਨਪੁਰ ਦੇ ਐਡੀਸ਼ਨਲ ਸੀਪੀ ਹਰੀਸ਼ ਚੰਦਰ ਨੇ ਕਿਹਾ ਕਿ ਐਸਆਈਟੀ ਮਾਮਲੇ ਦੀ ਜਾਂਚ ਕਰ ਰਹੀ ਹੈ। ਤੱਥਾਂ ਦੇ ਆਧਾਰ ਤੇ ਮਾਮਲੇ ਦੀ ਅਗਲੀ ਕਾਰਵਾਈ ਕੀਤੀ ਜਾਵੇਗੀ। ਗ੍ਰਿਫਤਾਰੀ ਬਾਰੇ ਕੁਝ ਸਪੱਸ਼ਟ ਨਹੀਂ ਕੀਤਾ ਗਿਆ ਹੈ।

ਯਾਦ ਰਹੇ ਕਿ ਜਿਨਸੀ ਸ਼ੋਸ਼ਣ ਦਾ ਸ਼ਿਕਾਰ ਹੋਈ ਆਈਆਈਟੀ ਵਿਦਿਆਰਥਣ ਨੇ 12 ਦਸੰਬਰ 2024 ਨੂੰ ਕਲਿਆਣਪੁਰ ਥਾਣੇ ਵਿੱਚ ਐਫਆਈਆਰ ਦਰਜ ਕਰਵਾਈ ਸੀ। ਇਸ ਤੋਂ ਬਾਅਦ ਏ.ਸੀ.ਪੀ ਮੋਹਸਿਨ ਖਾਨ ਦਾ ਤਬਾਦਲਾ ਤੁਰੰਤ ਪ੍ਰਭਾਵ ਨਾਲ ਥਾਣਾ ਹੈੱਡ ਕੁਆਟਰ ਵਿਖੇ ਕਰ ਦਿੱਤਾ ਗਿਆ।

ਫਿਲਹਾਲ ਕਾਨਪੁਰ ਤੋਂ ਰਿਲੀਵ ਹੋਣ ਤੋਂ ਬਾਅਦ ਏ.ਸੀ.ਪੀ ਮੋਹਸਿਨ ਖਾਨ ਪੁਲਸ ਹੈੱਡ ਕੁਆਰਟਰ ਜੁਆਇਨ ਕਰਨ ਤੋਂ ਬਾਅਦ ਬੀਮਾਰੀ ਦਾ ਹਵਾਲਾ ਦਿੰਦੇ ਹੋਏ ਛੁੱਟੀ ਤੇ ਚਲੇ ਗਏ ਹਨ। ਡੀਸੀਪੀ ਸਾਊਥ ਅੰਕਿਤਾ ਸ਼ਰਮਾ ਦੀ ਨਿਗਰਾਨੀ ਹੇਠ ਐਸਆਈਟੀ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਿੱਥੋਂ ਤੱਕ ਦੋਸ਼ੀ ਏ.ਸੀ.ਪੀ ਦਾ ਸਬੰਧ ਹੈ, ਉਸਨੇ ਇਸ ਗੱਲ ਦਾ ਫਾਇਦਾ ਉਠਾਇਆ ਕਿ ਦੋਸ਼ੀ ਏ.ਸੀ.ਪੀ ਨੂੰ ਅਜੇ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ ਅਤੇ ਐਫਆਈਆਰ ਰੱਦ ਕਰਵਾਉਣ ਦੇ ਇਰਾਦੇ ਨਾਲ ਹਾਈਕੋਰਟ ਚਲਾ ਗਿਆ ਹੈ। ਜਿਸ ਤੇ ਹਾਈਕੋਰਟ ਅੱਜ 19 ਦਸੰਬਰ ਨੂੰ ਉਸ ਦੇ ਕੇਸ ਦੀ ਸੁਣਵਾਈ ਕਰੇਗਾ।

ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਏ.ਸੀ.ਪੀ ਮੋਹਸਿਨ ਖਾਨ ਦਾ ਕੇਸ ਸਾਬਕਾ ਐਡਵੋਕੇਟ ਜਨਰਲ ਇਰਫਾਨੁੱਲਾ ਅਤੇ ਵਿਕਰਮ ਸਿੰਘ ਲੜਨਗੇ, ਜਿਨ੍ਹਾਂ ਨੇ ਸਪਾ ਦੇ ਸਾਬਕਾ ਵਿਧਾਇਕ ਇਰਫਾਨ ਸੋਲੰਕੀ ਦਾ ਕੇਸ ਲੜਿਆ ਸੀ। ਸੂਤਰਾਂ ਅਨੁਸਾਰ ਇਸ ਦੌਰਾਨ ਉਹ ਸਾਰੇ ਹੱਥਕੰਡੇ ਅਪਣਾਉਣ ਦੀ ਵੀ ਗੱਲ ਚੱਲ ਰਹੀ ਹੈ ਤਾਂ ਜੋ ਏ.ਸੀ.ਪੀ ਮੋਹਸੀਨ ਖ਼ਾਨ ਖ਼ਿਲਾਫ਼ ਦਰਜ ਕੇਸ ਨੂੰ ਕਮਜ਼ੋਰ ਕੀਤਾ ਜਾ ਸਕੇ।

# ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਨਵੀ ਨੇ ਕਾਂਗਰਸੀ ਉਮੀਦਵਾਰਾਂ ਲਈ ਘੜੂੰਆਂ ਵਿਖੇ ਘਰ-ਘਰ ਮੰਗੀਆਂ ਵੋਟਾਂ



ਖਰੜ, (ਕਾਲਾ ਸਿੰਘ ਸੈਣੀ)- ਸਾਬਕਾ ਮੁੱਖ ਮੰਤਰੀ ਪੰਜਾਬ ਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀ ਪ੍ਰਧਾਨ ਜ਼ਿਲ੍ਹਾ ਯੂਥ ਕਾਂਗਰਸ ਰੂਪਨਗਰ ਵੱਲੋਂ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਘੜੂੰਆਂ ਵਿਖੇ ਕਾਂਗਰਸੀ ਉਮੀਦਵਾਰਾਂ ਲਈ ਘਰ-ਘਰ ਜਾ ਕੇ ਵੋਟਾਂ ਮੰਗੀਆਂ। ਇਸ ਮੌਕੇ ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਕਾਂਗਰਸ ਪਾਰਟੀ ਪ੍ਰਤੀ ਉਤਸ਼ਾਹ ਹੈ ਅਤੇ ਲੋਕ ਚਰਨਜੀਤ ਸਿੰਘ ਚੰਨੀ ਦੇ ਤਿੰਨ ਮਹੀਨੇ ਦੇ ਮੁੱਖ ਮੰਤਰੀ ਦੇ ਕਾਰਜਕਾਲ ਦੌਰਾਨ ਹੋਏ ਕੰਮਾਂ ਨੂੰ ਦੇਖ ਕੇ ਵੋਟ ਪਾਉਣਗੇ। ਉਹਨਾਂ ਕਿਹਾ ਕਿ ਸਾਰੇ ਕਾਂਗਰਸੀ ਉਮੀਦਵਾਰ ਵੱਡੀ ਜੱਤ ਨਾਲ ਨਗਰ ਪੰਚਾਇਤ ਘੜੂੰਆਂ ਦੀ ਪਹਿਲੀ ਕਮੇਟੀ ਬਣਾਉਣਗੇ। ਇਸ ਮੌਕੇ ਨਗਰ ਪੰਚਾਇਤ ਘੜੂੰਆਂ ਦੀ ਚੋਣ ਲੜਨ ਵਾਲੇ ਕਾਂਗਰਸੀ ਉਮੀਦਵਾਰ ਅਤੇ ਸੀਨੀਅਰ ਕਾਂਗਰਸੀ ਆਗੂ ਬਾਬਾ ਬਲਬੀਰ ਸਿੰਘ, ਸਾਬਕਾ ਸਰਪੰਚ ਸਰਬਜੀਤ ਸਿੰਘ ਗੋਲਾ, ਸਾਬਕਾ ਸਰਪੰਚ ਨਰਿੰਦਰ ਸਿੰਘ ਗਾਂਧੀ, ਗੁਰਦੀਪ ਸਿੰਘ ਰਾਣਾ, ਹਰਜੀਤ ਸਿੰਘ ਗੋਲਡੀ, ਡਾ. ਕੁਲਵੰਤ ਸਿੰਘ, ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ,ਤੇਜਵਿੰਦਰ ਸਿੰਘ ਤੇਜੀ, ਜਗਮੋਹਣ ਸਿੰਘ, ਦੀਪਕ ਕੁਮਾਰ, ਜਗਦੀਪ ਸਿੰਘ ਢੀਂਡਸਾ, ਭਰਪੂਰ ਸਿੰਘ ਭੂਰਾ ਸਮੇਤ ਵੱਡੀ ਗਿਣਤੀ ਵਿੱਚ ਨਗਰੀ ਨਿਵਾਸੀ ਹਾਜ਼ਰ ਸਨ।

# ਨਗਰ ਪੰਚਾਇਤ ਹੰਡਿਆਇਆ, ਨਗਰ ਕਾਉਂਸਿਲ ਧਨੌਲਾ ਵਿਖੇ 9967 ਵੋਟਰ ਆਪਣੇ ਮਤਦਾਨ ਦਾ ਕਰਨਗੇ ਇਸਤੇਮਾਲ- ਜ਼ਿਲ੍ਹਾ ਚੋਣ ਅਫਸਰ



ਬਰਨਾਲਾ, (ਲੋਕ ਬਾਣੀ)-21 ਦਸੰਬਰ 2024 ਨੂੰ ਹੋਣ ਵਾਲੀਆਂ ਨਗਰ ਪੰਚਾਇਤ ਹੰਡਿਆਇਆ ਅਤੇ ਨਗਰ ਕਾਉਂਸਿਲ ਧਨੌਲਾ ਦੇ ਇਕ ਵਾਰਡ ਚ ਕਰਵਾਈ ਜਾਣ ਵਾਲੀਆਂ ਚੋਣਾਂ ਚ 9967 ਵੋਟਰ ਆਪਣੇ ਮਤਦਾਨ ਦੀ ਵਰਤੋਂ ਕਰਨਗੇ। ਇਨ੍ਹਾਂ ਵਿੱਚ 5187 ਆਦਮੀ ਵੋਟਰ, 4779 ਮਹਿਲਾ ਵੋਟਰ ਅਤੇ 1 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ 21 ਦਸੰਬਰ 2024 ਨੂੰ ਸਵੇਰੇ 7.00 ਵਜੇ ਤੋਂ ਸ਼ਾਮ 04.00 ਵਜੇ ਤੱਕ ਈਵੀਐਮਜ਼ ਰਾਹੀਂ ਵੋਟਾਂ ਪੈਣਗੀਆਂ। ਵੋਟਿੰਗ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਵੋਟਾਂ ਦੀ ਗਿਣਤੀ ਉਸੇ ਦਿਨ ਪੋਲਿੰਗ ਸਟੇਸ਼ਨ ਤੇ ਹੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਨਗਰ ਪੰਚਾਇਤ ਹੰਡਿਆਇਆ ਵਿਖੇ 13 ਵਾਰਡਾਂ ਚ ਚੋਣ ਕਰਵਾਈ ਜਾ ਰਹੀ ਹੈ ਜਿਸ ਲਈ 13 ਪੋਲਿੰਗ ਬੂਥ ਸਥਾਪਤ ਕੀਤੇ ਗਏ ਹਨ। ਇਹ ਪੋਲਿੰਗ ਬੂਥ ਸਰਕਾਰੀ ਪ੍ਰਾਇਮਰੀ ਸਕੂਲ ਹੰਡਿਆਇਆ, ਸਰਕਾਰੀ ਪਸ਼ੂ ਹਸਪਤਾਲ ਹੰਡਿਆਇਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੰਡਿਆਇਆ, ਸਰਵਹਿੱਤਕਾਰੀ ਸਕੂਲ ਹੰਡਿਆਇਆ, ਬਾਬਾ ਜੀਵਨ ਸਿੰਘ ਧਰਮਸ਼ਾਲਾ ਸ਼ਾਲਾਨੀ ਪੱਟੀ ਹੰਡਿਆਇਆ ਅਤੇ ਗੁਰੂ ਤੇਗ ਬਹਾਦਰ ਸਰਕਾਰੀ ਪ੍ਰਾਇਮਰੀ ਸਕੂਲ ਹੰਡਿਆਇਆ। ਇਸ ਤੋਂ ਇਲਾਵਾ ਝੰਝਰੀਆ ਪੱਟੀ ਧਰਮਸ਼ਾਲਾ ਧਨੌਲਾ ਵਿਲ੍ਹੇ ਦੋ ਪੋਲਿੰਗ ਬੂਥ ਬਣਾਏ ਗਏ ਹਨ।

ਰਿਟਰਨਿੰਗ ਅਫਸਰ - ਕਮ- ਤਹਿਸੀਲਦਾਰ ਬਰਨਾਲਾ ਰਾਕੇਸ਼ ਗਰਗ ਨੇ ਦੱਸਿਆ ਕਿ ਹੰਡਿਆਇਆ ਤੋਂ ਕੁਲ 51 ਉਮੀਦਵਾਰ ਮੈਦਾਨ ਚ ਹਨ ਜਿਨ੍ਹਾਂ ਚ ਕਰੀਬ 25 ਔਰਤਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸਾਰੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਜਾਰੀ ਕਰ ਦਿੱਤੇ ਗਏ ਹਨ।

# ਡਿਪਟੀ ਕਮਿਸ਼ਨਰ ਨੇ ਟੀ ਬੀ ਦੇ ਖਾਤਮੇ ਲਈ ਟਾਸਕ ਫੋਰਸ ਕੀਤੀ ਗਠਿਤ



ਅੰਮ੍ਰਿਤਸਰ (ਲੋਕ ਬਾਣੀ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਜ਼ਿਲ੍ਹੇ ਵਿੱਚ ਟੀ ਬੀ ਦੇ ਖਾਤਮੇ ਲਈ ਟਾਸਕ ਫੋਰਸ ਦਾ ਗਠਨ ਕਰਦੇ ਹੋਏ ਹਦਾਇਤ ਕੀਤੀ ਕਿ ਹਰੇਕ ਮਰੀਜ਼ ਦਾ ਰਿਕਾਰਡ ਰੱਖਿਆ ਜਾਵੇ ਅਤੇ ਹਰੇਕ ਲੋੜਵੰਦ ਮਰੀਜ਼ ਨੂੰ ਮਾਹਿਰਾਂ ਦੀ ਸਲਾਹ ਅਨੁਸਾਰ ਸਹੀ ਖੁਰਾਕ ਦਿੱਤੀ ਜਾਵੇ। ਅਯੋਜਿਤ ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਜੋ ਮਰੀਜ਼ ਆਰਥਿਕ ਤੌਰ ਉਤੇ ਅਸਮਰੱਥ ਹੋਣ ਕਾਰਨ ਸਹੀ ਖੁਰਾਕ ਨਹੀਂ ਲੈ ਰਹੇ, ਉਹਨਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਵਪਾਰਕ ਅਦਾਰਿਆਂ, ਰੈਡ ਕਰਾਸ, ਧਾਰਮਿਕ ਸੰਸਥਾਵਾਂ ਅਤੇ ਦਾਨੀ ਪੁਰਸ਼ਾਂ ਦੇ ਸਹਿਯੋਗ ਨਾਲ ਹਰ ਮਹੀਨੇ ਖੁਰਾਕ ਮੁਹਈਆ ਕਰਵਾਈ ਜਾਵੇ। ਡਿਪਟੀ ਕਮਿਸ਼ਨਰ ਨੇ ਇਸ ਲਈ ਸਾਰੇ ਸਰਕਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਸਹਿਯੋਗ ਵੀ ਲੈਣ ਦੀ ਹਦਾਇਤ ਕੀਤੀ ਅਤੇ ਉਨ੍ਹਾਂ ਖੁਦ ਵੀ ਆਪਣੇ ਵੱਲੋਂ ਕਈ ਮਰੀਜ਼ ਖੁਰਾਕ ਲਈ ਅਡਾਪਟ ਕਰਨ ਦੀ ਪੇਸ਼ਕਸ਼ ਕੀਤੀ।

ਸਾਹਨੀ ਨੇ ਕਿਹਾ ਕਿ ਜ਼ਿਲ੍ਹੇ ਵਿੱਚੋਂ ਟੀ ਬੀ ਨੂੰ ਖਤਮ ਕਰਨ ਵਾਲਾ ਅੰਮ੍ਰਿਤਸਰ ਪਹਿਲਾ ਜ਼ਿਲ੍ਹਾ ਦੇਸ਼ ਭਰ ਵਿੱਚ ਹੋਣਾ ਚਾਹੀਦਾ ਹੈ ਅਤੇ ਇਸ ਲਈ ਜੋ ਵੀ ਸਮਾਂ, ਸਾਧਨ, ਪੈਸਾ ਅਤੇ ਐਨਰਜੀ ਲਗਾਉਣ ਦੀ ਲੋੜ ਹੋਈ ਅਸੀਂ ਲਗਾਵਾਂਗੇ। ਉਹਨਾਂ ਜ਼ਿਲ੍ਹੇ ਵਿੱਚ ਮੌਜੂਦ 5 ਹਜਾਰ ਤੋਂ ਵੱਧ ਮਰੀਜ਼ਾਂ ਦੀ ਰਹਾਇਸ਼ ਅਨੁਸਾਰ ਮੈਪਿੰਗ ਕਰਨ ਦੀ ਹਦਾਇਤ ਵੀ ਕੀਤੀ ਤਾਂ ਜੋ ਉਹਨਾਂ ਦੇ ਇਲਾਕਿਆਂ ਨੂੰ ਧਿਆਨ ਵਿੱਚ ਰੱਖ ਕੇ ਆਸ਼ਾ ਵਰਕਰ ਜਾਂ ਹੋਰ ਕਰਮਚਾਰੀਆਂ ਦੀ ਡਿਊਟੀ ਅਜਿਹੇ ਮਰੀਜ਼ਾਂ ਦੀ ਦਵਾਈ ਅਤੇ ਖੁਰਾਕ ਮੁਹਈਆ ਕਰਵਾਉਣ ਲਈ ਲਗਾਈ ਜਾ ਸਕੇ। ਉਹਨਾਂ ਕਿਹਾ ਕਿ ਅਜਿਹੀ ਪ੍ਰਣਾਲੀ ਅਤੇ ਸਾਧਨ ਕਾਇਮ ਕੀਤੇ ਜਾਣ ਕਿ ਹਰੇਕ ਮਰੀਜ਼ ਨੂੰ ਰੋਜਾਨਾ ਦਵਾਈ ਲੈਣ ਲਈ ਮੋਬਾਇਲ ਉੱਤੇ ਦੋ ਵਾਰ ਮੈਸੇਜ ਜਾਵੇ ਅਤੇ ਇਸ ਤੋਂ ਇਲਾਵਾ ਜਦੋਂ ਉਸ ਦੀ ਖੁਰਾਕ ਜਾਂ ਦਵਾਈ ਮੁੱਕਦੀ ਹੈ ਤਾਂ ਉਸ ਨੂੰ ਹੈਲਪਲਾਈਨ ਨੰਬਰ ਦਿੱਤਾ ਜਾਵੇ ਜੋ ਕਿ ਫੋਨ ਕਰਕੇ ਸਹਾਇਤਾ ਲੈ ਸਕੇ। ਉਨੇ ਨੇ ਇਸ ਲਈ ਜੇਲ ਵਿੱਚ ਬੰਦ ਕੈਦੀਆਂ ਵਿੱਚੋਂ ਵੀ ਟੀ ਬੀ ਦੇ ਮਰੀਜ਼ਾਂ ਦੀ ਸ਼ਨਾਖਤ ਕਰਨ ਅਤੇ ਉਹਨਾਂ ਦਾ ਇਲਾਜ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

ਮੀਟਿੰਗ ਵਿੱਚ ਸਹਾਇਕ ਕਮਿਸ਼ਨਰ ਸੋਨਮ, ਸਿਵਲ ਸਰਜਨ ਕਿਰਨਦੀਪ ਕੌਰ, ਕੇਂਦਰੀ ਜੇਲ ਦੇ ਸੁਪਰਡੈਂਟ ਹੇਮੰਤ ਸ਼ਰਮਾ, ਜੀ ਐਮ ਇੰਡਸਟਰੀ ਮਾਨਵਪ੍ਰੀਤ ਸਿੰਘ, ਡਿਪਟੀ ਮੈਡੀਕਲ ਸਟੂਡੈਂਟ ਡਾ.ਪੀ ਐਸ ਗਰੋਵਰ, ਟੀ ਬੀ ਅਫਸਰ ਡਾ ਵਿਜੇ, ਡਾ ਗੁਨੀਤ, ਵਿਸ਼ਵ ਬੈਂਕ ਦੇ ਸਲਾਹਕਾਰ ਡਾ ਪ੍ਰੀਤੋਸ਼ ਧਵਨ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਆਰਬੀਡੀਈਏਵੀ ਸਕੂਲ ਬਠਿੰਡਾ ਨੇ ਨੈਸ਼ਨਲ ਪੱਧਰ ਤੇ ਰਚਿਆ ਇਤਿਹਾਸ



ਬੰਗਲੌਰ (ਲੋਕ ਬਾਣੀ)-ਭਾਰਤ ਵਿਕਾਸ ਪਰਿਸ਼ਦ ਵੱਲੋਂ ਨੈਸ਼ਨਲ ਗਰੁੱਪ ਗਾਇਨ ਦਾ ਨੈਸ਼ਨਲ ਪੱਧਰ ਦਾ ਮੁਕਾਬਲਾ ਬੰਗਲੌਰ ਵਿੱਚ 15 ਦਸੰਬਰ ਨੂੰ ਕਰਵਾਇਆ ਗਿਆ ਜਿਸ ਵਿੱਚ ਰੀਜਨ 1 ਤੋਂ ਪੰਜਾਬ ਸਾਊਥ ਦੀ ਟੀਮ ਆਰਬੀਡੀਈਏਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਬਠਿੰਡਾ ਨੇ ਇਸ ਮੁਕਾਬਲੇ ਵਿੱਚ ਭਾਗ ਲਿਆ ਜਾਣਕਾਰੀ ਦਿੰਦੇ ਸਕੂਲ ਪ੍ਰਿੰਸੀਪਲ ਡਾ ਅਨੁਰਾਧਾ ਭਾਟੀਆ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਪਹਿਲਾ ਜਿਲ੍ਹਾ ਪੱਧਰ ਫਿਰ ਰਾਜ ਪੱਧਰ ਅਤੇ ਉਸ ਤੋਂ ਬਾਅਦ ਰੀਜਨਲ ਪੱਧਰ ਵਿੱਚ ਹਿੰਦੀ ਤੇ ਸੰਸਕ੍ਰਿਤ ਗਰੁੱਪ ਸੌਂਗ ਵਿੱਚ ਪਹਿਲਾਂ ਸਥਾਨ ਹਾਸਿਲ ਕਰਕੇ ਸਕੂਲ ਵਿਦਿਆਰਥੀ ਬੰਗਲੌਰ ਵਿੱਚ ਹੋਏ ਨੈਸ਼ਨਲ ਪੱਧਰ ਤੇ ਹਿੰਦੀ,ਸੰਸਕ੍ਰਿਤ ਅਤੇ ਲੋਕ ਗੀਤ ਮੁਕਾਬਲੇ ਵਿੱਚ ਆਪਣੀ ਪੇਸ਼ਕਾਰੀ ਦਿੱਤੀ ਅਤੇ ਉਹਨਾਂ ਨੇ ਦੱਸਿਆ ਕਿ ਇਹ ਬਠਿੰਡਾ ਅਤੇ ਪੂਰੇ ਪੰਜਾਬ ਲਈ ਬਹੁਤ ਮਾਣ ਵਾਲੀ ਗੱਲ ਹੈ ਕੇ ਸਾਡੇ ਸਕੂਲ ਦੀ ਟੀਮ ਨੇ ਤਿੰਨਾਂ ਮੁਕਾਬਲਿਆਂ ਹਿੰਦੀ, ਸੰਸਕ੍ਰਿਤ ਤੇ ਲੋਕ ਗੀਤ ਵਿੱਚ ਦੂਸਰਾ ਸਥਾਨ ਹਾਸਿਲ ਕਰਕੇ ਇੱਕ ਨਵਾਂ ਰਿਕਾਰਡ ਬਣਾਇਆ ਹੈ ਨਾਲ ਹੀ ਉਹਨਾਂ ਦੱਸਿਆ ਕਿ ਇਸ ਨੈਸ਼ਨਲ ਪੱਧਰ ਤੇ ਬੰਗਲੌਰ ਵਿੱਚ ਦੇਸ਼ ਭਰ ਤੋਂ 10 ਰੀਜਨ ਦੀਆਂ ਕਈ ਸਟੇਟ ਨੇ ਭਾਗ ਲਿਆ ਅਤੇ 30 ਪੇਸ਼ਕਾਰੀਆਂ ਦਿੱਤੀਆਂ ਜਿਸ ਵਿੱਚੋਂ ਸਕੂਲ ਦੀ ਟੀਮ ਨੇ ਹਰ ਭਾਸ਼ਾ ਦੇ ਮੁਕਾਬਲੇ ਵਿੱਚ ਦੂਸਰਾ ਸਥਾਨ ਹਾਸਿਲ ਕਰਕੇ ਨਵਾਂ ਰਿਕਾਰਡ ਬਣਾਇਆ ਹੈ ਉਹਨਾਂ ਨੇ ਵਿਦਿਆਰਥੀਆਂ ਨੂੰ ਤਿਆਰੀ ਕਰਵਾਉਣ ਵਾਲੇ ਅਧਿਆਪਕ ਪ੍ਰਿਤਪਾਲ ਸਿੰਘ ਦੀ ਪ੍ਰਸ਼ੰਸ਼ਾ ਕਰਦੇ ਵਿਦਿਆਰਥੀਆਂ ਨੂੰ ਸ਼ਾਬਾਸ਼ੀ ਦਿੱਤੀ ਸਕੂਲ ਪਹੁੰਚਣ ਤੇ ਜੇਤੂ ਟੀਮ ਦਾ ਸਕੂਲ ਪ੍ਰਿੰਸੀਪਲ ਅਤੇ ਭਾਰਤ ਵਿਕਾਸ ਪਰਿਸ਼ਦ ਬਠਿੰਡਾ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਗਲੇ ਵਿੱਚ ਫੁੱਲਾਂ ਦੇ ਹਾਰ ਪਾਕੇ ਨਿੱਘਾ ਸਵਾਗਤ ਕੀਤਾ, ਸੰਗੀਤ ਅਧਿਆਪਕ ਪ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਦੇ ਮਾਪਿਆਂ ਦਾ ਉਹਨਾਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਨਾਲ ਹੀ ਉਹਨਾਂ ਭਾਰਤ ਵਿਕਾਸ ਪਰਿਸ਼ਦ ਬਠਿੰਡਾ ਦੇ ਪ੍ਰਧਾਨ ਪਵਨ ਗਰੋਵਰ ਅਤੇ ਪੂਰੀ ਬਠਿੰਡਾ ਟੀਮ ਦਾ ਉਹਨਾਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

# ਜ਼ੀ ਪੰਜਾਬੀ ਦੇ ਨਵੇਂ ਸ਼ੋਅ ਮੰਨਤ-ਇੱਕ ਸਾਂਝਾ ਪਰਿਵਾਰ ਦੇ ਪਰੋਮੋ ਨੂੰ ਦਰਸ਼ਕਾਂ ਨੇ ਆਪਣਾ ਖ਼ੂਬ ਪਿਆਰ ਦਿੱਤਾ, ਦੇਖੋ 23 ਦਸੰਬਰ ਤੋਂ ਸ਼ਾਮ 8:00 ਵਜੇ !




(ਲੋਕ ਬਾਣੀ) ਜ਼ੀ ਪੰਜਾਬੀ 23 ਦਸੰਬਰ, 2024 ਨੂੰ ਆਪਣਾ ਬਹੁਤ-ਉਡੀਕਿਆ ਨਵਾਂ ਸ਼ੋਅ ਮੰਨਤ-ਇੱਕ ਸਾਂਝਾ ਪਰਿਵਾਰ ਲਾਂਚ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਹਰ ਸੋਮਵਾਰ ਤੋਂ ਸ਼ਨੀਵਾਰ ਰਾਤ 8:00 ਵਜੇ ਪ੍ਰਸਾਰਿਤ ਹੋਣ ਵਾਲਾ ਇਹ ਸ਼ੋਅ ਦਰਸ਼ਕਾਂ ਨੂੰ ਏਕਤਾ, ਪਿਆਰ ਦੀ ਦਿਲੋਂ ਕਹਾਣੀ ਪੇਸ਼ ਕਰਨ ਦਾ ਵਾਅਦਾ ਕਰਦਾ ਹੈ।

ਮਨਿੰਦਰ ਗਿੱਲ ਜੋਸ਼ੀਲੇ ਅਤੇ ਦ੍ਰਿੜ ਇਰਾਦੇ ਵਾਲੇ ਮੰਨਤ ਅਤੇ ਰਾਹੁਲ ਬੱਸੀ ਨੇ ਰਿਹਾਨ ਦੇ ਰੂਪ ਵਿੱਚ ਅਭਿਨੈ ਕੀਤਾ, ਇਹ ਸ਼ੋਅ ਪਰਿਵਾਰਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਲਈ ਇੱਕ ਨੂੰਹ ਦੇ ਯਤਨਾਂ ਦੀ ਇੱਕ ਤਾਜ਼ਗੀ ਭਰੀ ਕਹਾਣੀ ਪੇਸ਼ ਕਰਦਾ ਹੈ। ਪ੍ਰੋਮੋ, ਜੋ ਕਿ ਪਹਿਲਾਂ ਹੀ ਦਰਸ਼ਕਾਂ ਤੋਂ ਬੇਅੰਤ ਪਿਆਰ ਪ੍ਰਾਪਤ ਕਰ ਚੁੱਕਾ ਹੈ, ਨੇ ਸ਼ੋਅ ਦੇ ਪ੍ਰੀਮੀਅਰ ਲਈ ਉਤਸੁਕਤਾ ਅਤੇ ਉਤਸ਼ਾਹ ਪੈਦਾ ਕੀਤਾ ਹੈ।

ਕਹਾਣੀ ਮੰਨਤ ਦੇ ਆਲੇ-ਦੁਆਲੇ ਘੁੰਮਦੀ ਹੈ, ਜੋ ਆਪਣੀ ਦਾਦੀ ਦੇ ਸਹਿਯੋਗ ਨਾਲ ਪਰਿਵਾਰ ਨੂੰ ਅਜਿਹੇ ਯੁੱਗ ਵਿੱਚ ਇਕੱਠੇ ਰੱਖਣ ਦੀ ਕੋਸ਼ਿਸ਼ ਕਰਦੀ ਹੈ ਜਿੱਥੇ ਰਿਸ਼ਤੇ ਅਕਸਰ ਚੁਣੌਤੀਆਂ ਦਾ ਸਾਹਮਣਾ ਕਰਦੇ ਹਨ। ਉਸਦਾ ਚਰਿੱਤਰ ਲਚਕੀਲੇਪਨ, ਨਿੱਘ, ਅਤੇ ਇੱਕ ਮਜ਼ਬੂਤ ਪਰਿਵਾਰਕ ਐਂਕਰ ਦੇ ਤੱਤ ਨੂੰ ਦਰਸਾਉਂਦਾ ਹੈ, ਏਕਤਾ ਨੂੰ ਪਾਲਣ ਲਈ ਉਸਦੇ ਅਟੁੱਟ ਇਰਾਦੇ ਨਾਲ ਦਿਲ ਜਿੱਤਦਾ ਹੈ।

ਆਪਣੀ ਸੰਬੰਧਿਤ ਕਹਾਣੀ ਅਤੇ ਭਾਵਨਾਤਮਕ ਡੂੰਘਾਈ ਦੇ ਨਾਲ, ਮੰਨਤ-ਇੱਕ ਸਾਂਝਾ ਪਰਿਵਾਰ ਹਰ ਉਮਰ ਦੇ ਦਰਸ਼ਕਾਂ ਨਾਲ ਤਾਲਮੇਲ ਬਣਾਉਣ ਲਈ ਤਿਆਰ ਹੈ। ਜ਼ੀ ਪੰਜਾਬੀ ਪੰਜਾਬੀ ਦਰਸ਼ਕਾਂ ਨਾਲ ਗੂੰਜਣ ਵਾਲੀਆਂ ਪਰਿਵਾਰਕ ਕਦਰਾਂ-ਕੀਮਤਾਂ ਦਾ ਜਸ਼ਨ ਮਨਾਉਣ ਲਈ ਮਜਬੂਰ ਅਤੇ ਅਰਥ ਭਰਪੂਰ ਸਮੱਗਰੀ ਪੇਸ਼ ਕਰਨ ਦੀ ਆਪਣੀ ਪਰੰਪਰਾ ਨੂੰ ਜਾਰੀ ਰੱਖਦਾ ਹੈ।

ਪਿਆਰ ਅਤੇ ਏਕਤਾ ਦੀ ਇਸ ਦਿਲਕਸ਼ ਕਹਾਣੀ ਨੂੰ ਨਾ ਭੁੱਲੋ। 23 ਦਸੰਬਰ ਲਈ ਆਪਣੇ ਕੈਲੰਡਰਾਂ ਤੇ ਨਿਸ਼ਾਨ ਲਗਾਓ ਅਤੇ ਮੰਨਤ-ਇੱਕ ਸਾਂਝਾ ਪਰਿਵਾਰ ਨੂੰ ਦੇਖਣ ਲਈ ਹਰ ਸੋਮਵਾਰ ਤੋਂ ਸ਼ਨੀਵਾਰ ਰਾਤ 8:00 ਵਜੇ, ਸਿਰਫ ਜ਼ੀ ਪੰਜਾਬੀ ਤੇ ਟਿਊਨ ਕਰੋ।

# ਪ੍ਰਮਾਤਮਾ ਨਾਲ ਜੁੜ ਕੇ ਹੀ ਭਗਤੀ ਦਾ ਵਿਸਥਾਰ ਸੰਭਵ -ਨਿੰਰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ



ਚੰਡੀਗੜ੍ਹ/ਸੰਗਰੂਰ (ਲੋਕ ਬਾਣੀ) - ਸੰਗਰੂਰ ਦੀ ਪੁਰਾਣੀ ਕੈਮੀਕਲ ਫੈਕਟਰੀ ਦੇ ਗਰਾਊਂਡ ਵਿਖੇ ਹੋਏ ਵਿਸ਼ਾਲ ਨਿਰੰਕਾਰੀ ਸੰਤ ਸਮਾਗਮ ਵਿੱਚ ਹਾਜ਼ਰ ਸ਼ਰਧਾਲੂਆਂ ਨੂੰ ਸੰਬੋਧਨ ਕਰਦਿਆਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਫਰਮਾਇਆ ਕਿ ਇਹ ਜੋ ਇਨਸਾਨੀ ਜੀਵਨ ਮਿਲਿਆ ਹੈ ਇਸਦਾ ਮੂਲ ਮਕਸਦ ਹੈ ਪ੍ਰਮਾਤਮਾ ਦੀ ਜਾਣਕਾਰੀ ਪ੍ਰਾਪਤ ਕਰਨਾ। ਅਸੀਂ ਅਕਸਰ ਸੁਣਦੇ ਹਾਂ ਕਿ ਪ੍ਰਮਾਤਮਾ ਇੱਕ ਹੈ, ਇਸ ਇੱਕ ਪ੍ਰਮਾਤਮਾ ਦੀ ਜਾਣਕਾਰੀ ਜੋ ਪੂਰੇ ਸਤਿਗੁਰੂ ਤੋਂ ਹਾਸਲ ਕਰ ਲੈਂਦਾ ਹੈ ਉਸਤੇ ਸੰਸਾਰ ਦੀ ਉਥਲ ਪੁਥਲ ਦਾ ਕੋਈ ਪ੍ਰਭਾਵ ਨਹੀਂ ਪੈਂਦਾ। ਉਹ ਇਨਸਾਨ ਹਮੇਸ਼ਾ ਪ੍ਰਭੂ ਦੇ ਭਾਣੇ ਵਿੱਚ ਰਹਿੰਦਾ ਹੈ ਕਿਸੇ ਵੀ ਕਮੀ ਪੇਸ਼ੀ ਦਾ ਨਿਰੰਕਾਰ ਪ੍ਰਮਾਤਮਾ ਨੂੰ ਦੋਸ਼ ਨਹੀਂ ਦਿੰਦਾ। ਹਰ ਇੱਕ ਨਾਲ ਪ੍ਰੇਮ, ਪਿਆਰ, ਸਤਿਕਾਰ, ਨਿਮਰਤਾ, ਸਹਿਣਸ਼ੀਲਤਾ, ਮਿਲਵਰਤਨ, ਭਾਈਚਾਰਾ ਬਣਾ ਕੇ ਰੱਖਦਾ ਹੈ। ਸਤਿਗੁਰੂ ਮਾਤਾ ਜੀ ਨੇ ਸੰਗਰੂਰ ਸ਼ਹਿਰ ਬਾਰੇ ਜ਼ਿਕਰ ਕਰਦੇ ਹੋਏ ਕਿਹਾ ਕਿ ਸੰਗ ਕਿਸਦਾ ਕਰਨਾ ਹੈ - ਭਾਵ ਸੰਗ ਨੂਰ ਦਾ ਕਰਨਾ ਹੈ ਜਾਂ ਸੰਗ ਗਰੂਰ ਦਾ ਕਰਨਾ ਹੈ। ਇਹ ਸੋਚਣਾ ਹੈ ਕਿ ਸੰਗ ਪ੍ਰਮਾਤਮਾ ਦਾ ਕਰਨਾ ਹੈ ਜਾਂ ਹੰਕਾਰ ਵਿੱਚ ਹੀ ਰਹਿਣਾ ਹੈ। ਇਸ ਤਰ੍ਹਾਂ ਦੇ ਗਰੂਰ ਵਾਲਾ ਜੀਵਣ ਪ੍ਰਮਾਤਮਾ ਨੂੰ ਪਸੰਦ ਨਹੀਂ ਹੈ। ਅਸੀਂ ਪ੍ਰਮਾਤਮਾ ਨਾਲ ਤਾਂ ਪਿਆਰ ਕਰਨਾ ਹੀ ਹੈ ਸਗੋਂ ਪ੍ਰਮਾਤਮਾ ਦੁਆਰਾ ਬਣਾਏ ਗਏ ਇਨਸਾਨਾਂ ਨਾਲ ਵੀ ਉਨ੍ਹਾਂ ਹੀ ਪਿਆਰ ਕਰਨਾ ਹੈ ਕਿਸੇ ਨਾਲ ਨਫ਼ਰਤ ਦੇ ਭਾਵ ਨਹੀਂ ਰੱਖਣੇ। ਕਈ ਵਾਰ ਕੋਈ ਸਾਡੇ ਤੋਂ ਵੱਡੀ ਗਲਤੀ ਹੋ ਜਾਂਦੀ ਹੈ ਤਾਂ ਅਸੀਂ ਚਾਹੁੰਦੇ ਹਾਂ ਕਿ ਦੂਸਰਾ ਇਨਸਾਨ ਉਸ ਗਲਤੀ ਨੂੰ ਨਜਰ ਅੰਦਾਜ ਕਰ ਦੇਵੇ ਬਲਕਿ ਅਸੀਂ ਵੀ ਦੂਸਰੇ ਦੀ ਗਲਤੀ ਨੂੰ ਮੁਆਫ਼ ਕਰਨ ਦਾ ਜਜ਼ਬਾ ਰੱਖਣਾ ਹੈ। ਕਦੇ ਕੋਈ ਸ਼ਿਕਵਾ ਨਹੀਂ ਕਰਨਾ ਸਗੋਂ ਹਰ ਹਾਲ ਵਿੱਚ ਹਮੇਸ਼ਾ ਪ੍ਰਮਾਤਮਾ ਦਾ ਸ਼ੁਕਰਾਨਾ ਹੀ ਕਰਨਾ ਹੈ।

ਇਸ ਤੋਂ ਪਹਿਲਾਂ ਸਤਿਕਾਰਯੋਗ ਨਿਰੰਕਾਰੀ ਰਾਜਪਿਤਾ ਰਮਿਤ ਜੀ ਨੇ ਵੀ ਆਪਣੇ ਪ੍ਰਵਚਨਾਂ ਵਿੱਚ ਕਿਹਾ ਕਿ ਜਿਸ ਨੂੰ ਇਸ ਪ੍ਰਮਾਤਮਾ ਦੀ ਜਾਣਕਾਰੀ ਹੋ ਜਾਂਦੀ ਹੈ ਉਸਦਾ ਜੀਵਨ ਮੁਬਾਰਕ ਹੋ ਜਾਂਦਾ ਹੈ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਫੁੱਲਾਂ ਦਾ ਸੁਭਾਅ ਹੈ ਹਰੇਕ ਨੂੰ ਖੁਸ਼ਬੂ ਦੇਣਾ ਉਸੇ ਤਰ੍ਹਾਂ ਭਗਤ ਦਾ ਸੁਭਾਅ ਹੈ ਸਭਨਾਂ ਨਾਲ ਪ੍ਰੇਮ ਕਰਨਾ ਅਤੇ ਆਪਣੇ ਪਿਆਰ ਦੀ ਮਹਿਕ ਫੈਲਾਉਣਾ। ਸਤਿਗੁਰੂ ਸਾਡੀ ਸੀਮਤ ਜਿਹੀ ਹਸਤੀ ਨੂੰ ਅਸੀਮ ਨਾਲ ਜੋੜ ਕੇ ਸਾਡੀ ਸੀਮਤ ਹਸਤੀ ਦਾ ਇਸ ਅਸੀਮ ਨਿਰੰਕਾਰ ਨਾਲ ਜੋੜ ਕੇ ਵਿਸਥਾਰ ਕਰ ਦਿੰਦੇ ਹਨ।

ਇਸ ਮੌਕੇ ਸੰਗਰੂਰ ਦੇ ਜੋਨਲ ਇੰਚਾਰਜ ਡਾ. ਵੀ. ਸੀ. ਲੂਥਰਾ ਨੇ ਸੰਗਤਾਂ ਦੀ ਤਰਫੋਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਸਤਿਕਾਰਯੋਗ ਰਾਜਪਿਤਾ ਰਮਿਤ ਜੀ ਦਾ ਇੱਥੇ ਪੁੱਜਣ ਤੇ ਨਿੱਘਾ ਸਵਾਗਤ ਅਤੇ ਸ਼ੁਕਰਾਨਾ ਕੀਤਾ। ਇਸ ਤੋਂ ਇਲਾਵਾ ਸੰਗਰੂਰ ਬ੍ਰਾਂਚ ਦੇ ਸੰਯੋਜਕ ਡਾ. ਕੇ. ਸੀ. ਗੋਇਲ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਮੂਹ ਸਥਾਨਕ ਸੰਯੋਜਕਾਂ, ਮੁਖੀਆਂ ਅਤੇ ਸੇਵਾਦਲ ਦੇ ਅਧਿਕਾਰੀਆਂ ਅਤੇ ਮੈਂਬਰਾਂ ਤੋਂ ਇਲਾਵਾ ਵੱਖ ਵੱਖ ਧਾਰਮਿਕ, ਸਮਾਜਿਕ, ਵਪਾਰਿਕ ਅਤੇ ਰਾਜਨੀਤਿਕ ਸੰਸਥਾਵਾਂ ਤੋਂ ਆਏ ਹੋਏ ਪਤਵੰਤੇ ਸੱਜਣਾਂ, ਨਗਰ ਕੌਂਸਲ ਸੰਗਰੂਰ, ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ ਆਦਿ ਸਾਰੇ ਹੀ ਸਹਿਯੋਗੀ ਸੱਜਣਾਂ ਦਾ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ।

# ਸਖੀ ਵਨ ਸਟਾਪ ਸੈਂਟਰ ਬਰਨਾਲਾ ਵਲੋਂ ਜਾਗਰੂਕਤਾ ਕੈਂਪ



ਬਰਨਾਲਾ, (ਲੋਕ ਬਾਣੀ) ਸਖੀ ਵਨ ਸਟਾਪ ਸੈਂਟਰ ਬਰਨਾਲਾ ਵੱਲੋਂ ਆਈ.ਟੀ.ਆਈ ਬਰਨਾਲਾ ਲੜਕੀਆਂ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ।

ਇਸ ਮੌਕੇ ਪ੍ਰਿੰਸੀਪਲ ਮੈਡਮ ਸਰਬਜੀਤ ਕੌਰ ਅਤੇ ਸਮੂਹ ਸਟਾਫ਼ ਵੀ ਮੌਜੂਦ ਸੀ ਜਿਸ ਵਿੱਚ ਔਰਤਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਸਮੇਂ ਸੈਂਟਰ ਪ੍ਰਬੰਧਕ ਜਯੋਤੀ ਵੰਸ਼ ਅਤੇ ਆਈ.ਟੀ ਸਟਾਫ਼ ਜਸਪਾਲ ਕੌਰ ਨੇ ਦੱਸਿਆ ਕਿ ਸਖੀ ਵਨ ਸਟਾਪ ਸੈਂਟਰ ਬਰਨਾਲਾ ਵਿੱਚ ਇੱਕ ਹੀ ਛੱਤ ਹੇਠ ਪੀੜਤ ਔਰਤਾਂ ਜੋ ਕਿ ਸਰੀਰਿਕ, ਮਾਨਸਿਕ , ਭਾਵਨਾਤਮਕ ਅਤੇ ਕਿਸੇ ਵੀ ਪ੍ਰਕਾਰ ਦੀ ਹਿੰਸਾ ਦਾ ਸ਼ਿਕਾਰ ਹਨ, ਨੂੰ ਸੈਂਟਰ ਵੱਲੋਂ ਪੁਲਿਸ ਸਹਾਇਤਾ, ਡਾਕਟਰੀ ਸਹਾਇਤਾ, ਕਾਨੂੰਨੀ ਸਹਾਇਤਾ ਤੇ ਹੋਰ ਸੈਂਟਰ ਸੁਵਿਧਾਵਾਂ ਵੀ ਦਿੱਤੀਆਂ ਜਾਂਦੀਆਂ ਹਨ। ਉਹਨਾਂ ਨੇ ਦੱਸਿਆ ਕਿ ਸੈਂਟਰ 24 ਘੰਟੇ ਖੁੱਲਾ ਰਹਿੰਦਾ ਹੈ ਅਤੇ ਪੀੜਤ ਔਰਤਾਂ ਦੀ ਪਹਿਚਾਣ ਗੁਪਤ ਰੱਖੀ ਜਾਂਦੀ ਹੈ । ਕੋਈ ਵੀ ਪੀੜਤ ਔਰਤ ਦਫ਼ਤਰ ਦੇ ਸੰਪਰਕ ਨੰ. 01679-230181 ਅਤੇ ਵੋਮੈਨ ਹੈਲਪ ਲਾਈਨ ਨੰ. 181, 112 ਤੇ ਸ਼ਿਕਾਇਤ ਦਰਜ ਕਰਵਾ ਸਕਦੀ ਹੈ।

# ਇਸਲਾਮਾਬਾਦ ਪੁਲਸ ਸਟੇਸ਼ਨ ਤੇ ਹਮਲਾ: ਡੀਜੀਪੀ ਗੌਰਵ ਯਾਦਵ ਨੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੇ ਦਿੱਤੇ ਹੁਕਮ

**ਅੰਮ੍ਰਿਤਸਰ (ਲੋਕ ਬਾਣੀ)**

ਅੰਮ੍ਰਿਤਸਰ ਦੇ ਇਸਲਾਮਾਬਾਦ ਪੁਲਿਸ ਸਟੇਸ਼ਨ ਤੇ ਹੋਏ ਹਮਲੇ ਦੇ ਮੱਦੇਨਜ਼ਰ, ਪੁਲਿਸ ਡਾਇਰੈਕਟਰ ਜਨਰਲ ਪੰਜਾਬ ਗੌਰਵ ਯਾਦਵ ਨੇ ਮੰਗਲਵਾਰ ਨੂੰ ਸ਼ਹਿਰ ਦਾ ਦੌਰਾ ਕੀਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਪੇਸ਼ੇਵਰ ਪੁਲਿਸਿੰਗ ਨੂੰ ਯਕੀਨੀ ਬਣਾਉਣ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਮੰਗਲਵਾਰ ਤੜਕੇ 3 ਵਜੇ ਇਸਲਾਮਾਬਾਦ ਪੁਲਿਸ ਸਟੇਸ਼ਨ ਵਿੱਚ ਘਟਨਾ ਦੀ ਰਿਪੋਰਟ ਕੀਤੇ ਜਾਣ ਦੇ ਕੁਝ ਘੰਟਿਆਂ ਬਾਅਦ ਇਹ ਦੌਰਾ ਕੀਤਾ ਗਿਆ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡੀਜੀਪੀ ਪੰਜਾਬ ਨੇ ਹਮਲੇ ਲਈ ਜ਼ਿੰਮੇਵਾਰ ਵਿਅਕਤੀਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਫੜਨ ਲਈ ਅਧਿਕਾਰੀਆਂ ਨੂੰ ਤਕਨੀਕੀ ਅਤੇ ਮਨੁੱਖੀ ਸੂਝ-ਬੂਝ ਦੀ ਵਰਤੋਂ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਉਨ੍ਹਾਂ ਨੇ ਅਧਿਕਾਰੀਆਂ ਨੂੰ ਅਜਿਹੇ ਘਿਨਾਉਣੇ ਅਪਰਾਧਾਂ ਦੇ ਆਮ ਰੁਝਾਨਾਂ ਅਤੇ ਪੈਟਰਨਾਂ ਦੀ ਪਛਾਣ ਕਰਨ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਯਕੀਨੀ ਬਣਾਉਣ ਲਈ ਅਪਰਾਧਾਂ ਦਾ ਪਤਾ ਲਗਾਉਣ ਲਈ ਸਾਰੇ ਤਕਨੀਕੀ ਅਤੇ ਫੋਰੈਂਸਿਕ ਸਾਧਨਾਂ ਦੀ ਵਰਤੋਂ ਕਰਦੇ ਹੋਏ ਵਿਗਿਆਨਕ ਢੰਗ ਨਾਲ ਜਾਂਚ ਕਰਨ ਲਈ ਕਿਹਾ ਮੀਟਿੰਗ ਵਿੱਚ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ, ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਫਿਰੋਜ਼ਪੁਰ ਰੇਂਜ ਰਣਜੀਤ ਸਿੰਘ ਢਿੱਲੋਂ, ਡੀਆਈਜੀ ਬਾਰਡਰ ਰੇਂਜ ਸਤਿੰਦਰ ਸਿੰਘ ਅਤੇ ਐਸਐਸਪੀ ਅੰਮ੍ਰਿਤਸਰ ਦਿਹਾਤੀ ਚਰਨਜੀਤ ਸਿੰਘ ਹਾਜ਼ਰ ਸਨ ਡੀਜੀਪੀ ਗੌਰਵ ਯਾਦਵ ਨੇ ਸਰਹੱਦੀ ਜ਼ਿਲ੍ਹਿਆਂ ਦੀ ਅਮਨ-ਕਾਨੂੰਨ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ ਅਤੇ ਪੁਲਿਸ ਅਦਾਰਿਆਂ ਤੇ ਪਿਛਲੇ ਹਮਲਿਆਂ ਦੌਰਾਨ ਪ੍ਰਾਪਤ ਹੋਈ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ, ਅਜਨਾਲਾ ਪੁਲਿਸ ਸਟੇਸ਼ਨ ਵਿਖੇ ਆਈਈਡੀ ਇੰਪਲਾਂਟ ਅਤੇ ਨਵਾਂਸ਼ਹਿਰ ਵਿਖੇ ਪੁਲਿਸ ਚੌਕੀ ਆੜੋਂ ਵਿਖੇ ਹੈਂਡ ਗ੍ਰਨੇਡ ਹਮਲੇ ਸਮੇਤ ਪੁਲਿਸ ਅਦਾਰਿਆਂ ਤੇ ਹਮਲਿਆਂ ਦੇ ਪਿਛਲੇ ਸਾਰੇ ਕੇਸਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਗਿਆ ਹੈ ਅਤੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।ਇੱਕ ਵੱਖਰੀ ਮੀਟਿੰਗ ਵਿੱਚ, ਡੀਜੀਪੀ ਨੇ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ, ਅੰਮ੍ਰਿਤਸਰ ਦਿਹਾਤੀ, ਬਟਾਲਾ ਅਤੇ



ਤਰਨਤਾਰਨ ਸਮੇਤ ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਪੁਲਿਸ ਸੁਪਰਡੈਂਟਾਂ (ਐਸ ਪੀਜ਼), ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀਐਸਪੀਜ਼) ਅਤੇ ਸਟੇਸ਼ਨ ਹਾਊਸ ਅਫਸਰਾਂ (ਐਸਐਚਓਜ਼) ਨੂੰ ਇਸ ਬਾਰੇ ਜਾਣਕਾਰੀ ਦੇਣ ਲਈ ਸੰਬੋਧਨ ਕੀਤਾ

ਉਨ੍ਹਾਂ ਅਧਿਕਾਰੀਆਂ ਨੂੰ ਅੱਤਵਾਦ, ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਸਟਰੀਟ ਕ੍ਰਾਈਮ ਵਿਰੁੱਧ ਲੜਾਈ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਉਨ੍ਹਾਂ ਨੇ ਅਜਿਹੇ ਅਪਰਾਧਾਂ ਨੂੰ ਪੇਸ਼ੇਵਰ ਤਰੀਕੇ ਨਾਲ ਨਜਿੱਠਣ ਅਤੇ ਅਜਿਹੇ ਮਾਮਲਿਆਂ ਵਿੱਚ ਤੁਰੰਤ ਐਫਆਈਆਰ ਦਰਜ ਕਰਨ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਨਵੀਂ ਸ਼ੁਰੂ ਕੀਤੀ ਸੇਫ਼ ਪੰਜਾਬ ਐਂਟੀ ਡਰੱਗ ਹੈਲਪਲਾਈਨ '9779100200' ਰਾਹੀਂ ਪ੍ਰਾਪਤ ਸੁਝਾਵਾਂ ਤੇ ਤੁਰੰਤ ਕਾਰਵਾਈ ਕਰਨ ਲਈ ਵੀ ਪ੍ਰੇਰਿਤ ਕੀਤਾ। ਇਹ ਹੈਲਪਲਾਈਨ ਨਾਗਰਿਕਾਂ ਨੂੰ ਨਸ਼ਾ ਤਸਕਰਾਂ ਦੀ ਗੁਮਨਾਮ ਰੂਪ ਵਿੱਚ ਰਿਪੋਰਟ ਕਰਨ ਦੀ ਇਜਾਜ਼ਤ ਦਿੰਦੀ ਹੈ ਡੀਜੀਪੀ ਅੰਮਿਤਸਰ ਕਮਿਸ਼ਨਰੇਟ ਪੁਲਿਸ ਦੁਆਰਾ ਆਯੋਜਿਤ ਬੱਡਾ ਖਾਨਾ ਦੁਪਹਿਰ ਦੇ ਖਾਣੇ ਵਿੱਚ ਵੀ ਸ਼ਾਮਲ ਹੋਏ, ਜਿਸ ਨੇ ਸਾਰੇ ਰੈਂਕ ਦੇ ਅਧਿਕਾਰੀਆਂ ਨੂੰ ਪੁਲਿਸ ਫੋਰਸ ਦੇ ਮੁਖੀਆਂ ਨਾਲ ਗੱਲਬਾਤ ਕਰਨ ਅਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਦਾ ਮੌਕਾ ਪ੍ਰਦਾਨ ਕੀਤਾ, ਜਿਸ ਨਾਲ ਉਸ ਰਿਸ਼ਤੇ ਨੂੰ ਮਜ਼ਬੂਤ ਕੀਤਾ ਗਿਆ ਜੋ ਪ੍ਰਭਾਵਸ਼ਾਲੀ ਟੀਮ ਵਰਕ ਲਈ ਜ਼ਰੂਰੀ ਹੈ ਇਸ ਤੋਂ ਬਾਅਦ ਡੀਜੀਪੀ ਗੌਰਵ ਯਾਦਵ ਨੇ ਵੀ ਜਲੰਧਰ ਦਾ ਦੌਰਾ ਕੀਤਾ ਅਤੇ ਸੀਪੀ ਜਲੰਧਰ ਸਵਪਨ ਸ਼ਰਮਾ, ਡੀਆਈਜੀ ਜਲੰਧਰ ਰੇਂਜ ਨਵੀਨ ਸਿੰਗਲਾ, ਐਸਐਸਪੀ ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ, ਐਸਐਸਪੀ ਹੁਸ਼ਿਆਰਪੁਰ ਸੁਰਿੰਦਰ ਲਾਂਬਾ, ਐਸਐਸਪੀ ਕਪੂਰਥਲਾ ਗੌਰਵ ਤੂਰਾ ਅਤੇ ਹੋਰ ਗਜ਼ਟਿਡ ਅਧਿਕਾਰੀਆਂ ਅਤੇ ਐਸਐਚਓਜ਼ ਸਮੇਤ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਅਮਨ-ਕਾਨੂੰਨ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਜਲੰਧਰ ਕਮਿਸ਼ਨਰੇਟ ਅਤੇ ਜਲੰਧਰ ਰੇਂਜ ਦੇ ਐੱਸ ਡੀ ਜੀ ਪੀ ਨੇ ਅਤਿਆਧੁਨਿਕ ਪੱਧਰ ਤੇ ਅਧਿਕਾਰੀਆਂ ਲਈ ਆਯੋਜਿਤ ਇੱਕ ਦਿਮਾਗੀ ਸੈਸ਼ਨ ਵਿੱਚ ਵੀ ਹਿੱਸਾ ਲਿਆ ਜਿਸ ਵਿੱਚ ਵੱਖ-ਵੱਖ ਪੁਲਿਸ ਸਟੇਸ਼ਨਾਂ ਦੁਆਰਾ ਅਪਣਾਏ ਗਏ ਤਜ਼ਰਬੇ ਸਾਂਝੇ ਕਰਨ ਅਤੇ ਅਪਰਾਧ ਦੇ ਹੱਲ ਬਾਰੇ ਚਰਚਾ ਕੀਤੀ ਗਈ।ਇਜਲਾਸ ਦੌਰਾਨ ਜ਼ਿਲ੍ਹਾ ਐਸ.ਬੀ.ਐਸ.ਨਗਰ ਦੇ ਪੁਲਿਸ ਥਾਣਾ ਔੜ ਵੱਲੋਂ ਲੋਕਾਂ ਦੇ ਸਹਿਯੋਗ ਦੀ ਵਰਤੋਂ ਕਰਕੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਪੁਆਇੰਟ ਤੇ ਨੱਥ ਪਾਉਣ ਲਈ ਅਪਣਾਏ ਗਏ ਮਾਡਲ ਬਾਰੇ ਚਰਚਾ ਕੀਤੀ ਗਈ ਉਨ੍ਹਾਂ ਵੱਖ-ਵੱਖ ਜ਼ਿਲ੍ਹਿਆਂ ਵੱਲੋਂ ਵਰਤੀਆਂ ਜਾ ਰਹੀਆਂ ਵੱਖ-ਵੱਖ ਅਪਰਾਧ ਹੱਲ ਤਕਨੀਕਾਂ ਦੀ ਸ਼ਲਾਘਾ ਕੀਤੀ, ਜਿਸ ਵਿੱਚ ਜਲੰਧਰ ਸ਼ਹਿਰ ਵਿੱਚ ਕ੍ਰਾਈਮ ਮੈਪਿੰਗ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸੰਗਠਿਤ ਅਪਰਾਧ ਲਈ ਢੁਕਵੇਂ ਭਾਰਤੀ ਨਿਆ ਸੰਹਿਤਾ (ਬੀਐਨਐਸ) ਸੈਕਸ਼ਨਾਂ ਦੀ ਵਰਤੋਂ, ਸੀ.ਸੀ.ਟੀ.ਵੀ. ਦੀ ਵਿਆਪਕ ਵਰਤੋਂ ਅਤੇ ਜ਼ਿਲ੍ਹੇ ਵਿੱਚ ਸਬ ਡਵੀਜ਼ਨਲ ਕੰਟਰੋਲ ਰੂਮਾਂ ਦੀ ਸਥਾਪਨਾ ਸ਼ਾਮਲ ਹੈ। ਕਪੂਰਥਲਾ ਅਤੇ ਜ਼ਿਲ੍ਹਾ ਜਲੰਧਰ ਦਿਹਾਤੀ ਵਿੱਚ ਪੇਸ਼ੇਵਰ ਪੁਲਿਸਿੰਗ ਵੱਲ ਧਿਆਨ ਕੇਂਦਰਿਤ ਕੀਤਾ ਗਿਆ, ਜਿੱਥੇ ਘਿਨਾਉਣੇ ਅਪਰਾਧਾਂ, ਟ੍ਰੈਫਿਕ ਵਿੱਚ ਸ਼ਾਮਲ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਲਈ ਮੁਹਿੰਮ ਚਲਾਈ ਗਈ। ਦੋਪਹੀਆ ਵਾਹਨਾਂ ਤੇ ਵਿਸ਼ੇਸ਼ ਧਿਆਨ ਦੇ ਨਾਲ ਲਾਗੂ ਕਰਨ ਦੀ ਮੁਹਿੰਮ।

## ਪ੍ਰਦੂਸ਼ਣ ਰੋਕਥਾਮ ਬੋਰਡ ਵਲੋਂ ਚੀਨੀ ਡੋਰ ਵਿਰੁੱਧ ਜਾਗਰੂਕਤਾ ਪ੍ਰੋਗਰਾਮ

**ਬਰਨਾਲਾ,(ਲੋਕ ਬਾਣੀ)** ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰਦੂਸ਼ਣ ਰੋਕਥਾਮ ਬੋਰਡ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂ ਪੱਤੀ ਬਰਨਾਲਾ ਵਿੱਚ ਚੀਨੀ ਡੋਰ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ।



ਇੰਜਨੀਅਰ ਵਿੱਕੀ ਬਾਂਸਲ ਅਤੇ ਜੂਨੀਅਰ ਵਾਤਾਵਰਣ ਇੰਜਨੀਅਰ ਗੁਰਸੇਵਕ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਚੀਨੀ ਡੋਰ ਤੇ ਸਰਕਾਰ ਵਲੋਂ ਮਨਾਹੀ ਹੈ ਕਿਉਂਕਿ ਇਸ ਡੋਰ ਨਾਲ ਜਿੱਥੇ ਪਸ਼ੂ ਪੰਛੀਆਂ ਦਾ ਜਾਨੀ ਨੁਕਸਾਨ ਹੁੰਦਾ ਹੈ ਓਥੇ ਇਹ ਮਨੁੱਖੀ ਜਾਨਾਂ ਵੀ ਲੈ ਲੈਂਦੀ ਹੈ। ਉਨ੍ਹਾਂ ਦੱਸਿਆ ਕਿ ਕਈ ਵਾਰ ਵਾਹਨਾਂ ਤੇ ਜਾਂਦੇ ਰਾਹਗੀਰਾਂ ਦੇ ਗਲੇ ਆਦਿ ਵਿਚ ਡੋਰ ਫਸਣ ਕਰਨ ਡੂੰਘੇ ਜਖਮ ਤੱਕ ਹੋ ਜਾਂਦੇ ਹਨ।

ਇਸ ਪ੍ਰੋਗਰਾਮ ਦੌਰਾਨ ਉਹਨਾਂ ਕਿਹਾ ਕਿ ਪ੍ਰਦੂਸ਼ਣ ਰੋਕਥਾਮ ਬੋਰਡ ਵਲੋਂ ਭਵਿੱਖ ਵਿਚ ਵੀ ਅਜਿਹੇ ਪ੍ਰੋਗਰਾਮ ਉਲੀਕੇ ਜਾਣਗੇ ਅਤੇ ਸਮੇਂ ਸਮੇਂ ਤੇ ਚੈਕਿੰਗ ਅਭਿਆਨ ਚਲਾ ਕੇ ਚੀਨੀ ਡੋਰ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਅਰੰਭੀ ਜਾਵੇਗੀ।

ਇਸ ਦੌਰਾਨ ਐਨ.ਜੀ.ਓ ਨੇਚਰ ਲਵਰ ਦੇ ਪ੍ਰਧਾਨ ਸ਼ਕੁਲ ਕੌਸ਼ਲ, ਉਪ ਪ੍ਰਧਾਨ ਰਾਜੇਸ਼ ਭੁਟਾਨੀ, ਸੁਮਿਤ ਬਾਂਸਲ ਨੇ ਸਹਿਯੋਗ ਦੇਣ ਦਾ ਭਰੋਸਾ ਦਿਤਾ।

ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀ ਰਾਜੇਸ਼ ਕੁਮਾਰ ਨੇ ਵਾਤਾਵਰਣ ਇੰਜਨੀਅਰਾਂ ਦਾ ਧੰਨਵਾਦ ਕੀਤਾ।

## ਲੋਕ ਹਿੱਤ ਸੇਵਾ ਸਮਿਤੀ ਨੇ ਜਨ ਅਰੋਗਿਆ ਯੋਜਨਾ ਤਹਿਤ ਪੀਰਮੁੱਸ਼ਲਾ ਵਿਖੇ ਕੈਂਪ ਲਗਾਇਆ

**ਜ਼ੀਰਕਪੁਰ, (ਲੋਕ ਬਾਣੀ)** ਲੋਕਹਿਤ ਸੇਵਾ ਸਮਿਤੀ ਨੇ ਡੇਰਾਬੱਸੀ ਹਸਪਤਾਲ ਦੇ ਸਹਿਯੋਗ ਨਾਲ ਪ੍ਰਧਾਨ ਮੰਤਰੀ ਜਨ ਆਰੋਗਿਆ ਯੋਜਨਾ ਤਹਿਤ ਵਿਦਿਆਰਥੀਆਂ ਦੇ ਆਯੂਸ਼ਮਾਨ ਭਾਰਤ ਆਭਾ ਕਾਰਡ ਬਣਾਉਣ ਲਈ ਸਰਕਾਰੀ ਪ੍ਰਾਇਮਰੀ ਸਕੂਲ ਪੀਰਮੁਚੱਲਾ ਵਿਖੇ ਵਿਸ਼ੇਸ਼ ਕੈਂਪ ਲਗਾਇਆ।

ਕਮੇਟੀ ਦੇ ਬੁਲਾਰੇ ਭਾਵਨਾ ਚੌਧਰੀ ਨੇ ਦੱਸਿਆ ਕਿ ਕੈਂਪ ਵਿੱਚ ਵਿਦਿਆਰਥੀਆਂ ਤੋਂ ਇਲਾਵਾ 70 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਅਤੇ ਪੁਰਸ਼ਾਂ ਲਈ ਜਨ ਅਰੋਗਿਆ ਆਯੂਸ਼ਮਾਨ ਕਾਰਡ ਅਤੇ ਆਧਾਰ ਕਾਰਡ ਰੱਖਣ ਵਾਲੇ ਕਿਸੇ ਵੀ ਉਮਰ ਵਰਗ ਦੇ ਆਯੂਸ਼ਮਾਨ ਭਾਰਤ ਆਭਾ ਕਾਰਡ ਵੀ ਬਣਾਏ ਗਏ ਹਨ। ਇਸ ਕੈਂਪ ਵਿੱਚ 180 ਔਰਤਾਂ, ਪੁਰਸ਼ਾਂ ਅਤੇ ਬੱਚਿਆਂ ਨੇ ਮੌਕੇ ਤੇ ਹੀ ਆਯੂਸ਼ਮਾਨ ਕਾਰਡ ਅਤੇ ਆਭਾ ਕਾਰਡ ਬਣਵਾਉਣ ਵਿੱਚ ਸਫਲਤਾ ਹਾਸਲ ਕੀਤੀ। ਕੈਂਪ



ਦੌਰਾਨ 167 ਆਭਾ ਆਯੁਸ਼ਮਾਨ ਕਾਰਡ ਅਤੇ 13 ਜਨ ਅਰੋਗਿਆ ਆਯੁਸ਼ਮਾਨ ਕਾਰਡ ਬਣਾਏ ਗਏ। ਕੈਂਪ ਨੂੰ ਸਫਲ ਬਣਾਉਣ ਵਿੱਚ ਸਕੂਲ ਪ੍ਰਿੰਸੀਪਲ ਮੋਨਿਕਾ ਗਿੱਲ, ਸੰਜੀਵ ਚੌਧਰੀ, ਸਤੀਸ਼ ਭਾਰਦਵਾਜ, ਬਲਵੀਰ ਰਾਜਪੂਤ, ਭਾਵਨਾ ਚੌਧਰੀ, ਸੋਮਾ ਰਾਣਾ, ਸੀਮਾ ਸ਼ਰਮਾ, ਹਰਜੀਤ ਕੌਰ, ਸੁਖਵੀਰ ਸਿੰਘ ਅਤੇ ਹਰਸ਼ ਕੁਮਾਰ ਦਾ ਸ਼ਲਾਘਾਯੋਗ ਯੋਗਦਾਨ ਰਿਹਾ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022 - 2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565